ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 25 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੧ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ਼ਹੀਦੀ ਹ.ਫ਼ਤਾ (੧੧ ਪੋਹ)

ਸਿੱਖ ਧਰਮ ਵਿੱਚ 21 ਦਸੰਬਰ ਤੋਂ ਲੈ ਕੇ ਅਗਲਾ ਇੱਕ ਹਫ਼ਤਾ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰਾ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਰੋਜ਼ਾਨਾ ਦੱਸ ਰਹੇ ਹਾਂ।



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

ਆਵਾਜ਼ਿ ਕੌਮ
AWAZE QAUM
International Newspaper & WEB TV




## ਪੰਜਾਬ ਸਿੱਖਿਆ ਵਿਭਾਗ ਦਾ ਵੱਡਾ ਫੈਸਲਾ, ਹੁਣ ਹਿੰਦੀ ਤੇ ਅੰਗਰੇਜ਼ੀ ਕਿਤਾਬਾਂ 'ਚ ਵੀ ਹੋਵੇਗਾ 'ਊੜਾ-ਐੜਾ'

**ਚੰਡੀਗੜ੍ਹ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ 'ਚ ਜਲਦ ਹੀ ਹਿੰਦੀ ਤੇ ਅੰਗਰੇਜ਼ੀ ਭਾਸ਼ਾ ਦੀਆਂ ਕਿਤਾਬਾਂ ਵਿੱਚ ਵੀ ਤੁਹਾਨੂੰ ਗੁਰਮਖੀ ਲਿਖੀ 'ਊੜਾ-ਐੜਾ' ਵਿਖਾਈ ਦੇਵੇਗਾ। ਪੰਜਾਬ ਸਿੱਖਿਆ ਵਿਭਾਗ ਨੇ ਸਾਰੇ ਸਕੂਲਾਂ ਦੀਆਂ ਹਿੰਦੀ ਤੇ ਅੰਗਰੇਜ਼ੀ ਕਿਤਾਬਾਂ 'ਚ ਇਸ ਨੂੰ ਲਾਗੂ ਕਰਨ ਦਾ ਫੈਸਲਾ ਲਿਆ ਹੈ। ਸਿੱਖਿਆ ਵੱਲੋਂ ਇਸ ਫੈਸਲੇ ਪਿੱਛੇ ਵਿਦਿਆਰਥੀਆਂ ਦੇ ਗੁਰਮੁਖੀ ਲਿੱਪੀ ਦੇ ਹੁਨਰ ਨੂੰ ਨਿਖਾਰਣ ਦਾ ਕਾਰਨ ਦੱਸਿਆ ਗਿਆ ਹੈ। ਆਉਣ ਵਾਲੇ ਅਕਾਦਮਿਕ ਸੈਸ਼ਨ ਤੋਂ, ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਦੀਆਂ ਸਾਰੀਆਂ ਭਾਸ਼ਾਵਾਂ ਦੀਆਂ ਪਾਠ-ਪੁਸਤਕਾਂ ਵਿੱਚ ਗੁਰਮੁਖੀ ਲਿਪੀ ਵਿੱਚ ਵਰਣਮਾਲਾਵਾਂ ਬਾਰੇ ਇੱਕ ਪੰਨਾ ਹੋਵੇਗਾ। ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ, ਪ੍ਰਾਈਵੇਟ ਅਤੇ ਹੋਰ ਸਕੂਲਾਂ ਵਿੱਚ ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਦਾਖਲ ਹੋਏ ਲਗਭਗ 60 ਲੱਖ ਵਿਦਿਆਰਥੀਆਂ ਨੂੰ ਕਵਰ ਕਰਦੇ ਹੋਏ, ਇਸ ਅਭਿਆਸ ਦਾ ਉਦੇਸ਼ ਗੁਰਮੁਖੀ ਲਿਪੀ ਵਿੱਚ ਪੜ੍ਹਨ ਦੇ ਹੁਨਰ ਨੂੰ ਬਿਹਤਰ ਬਣਾਉਣਾ ਹੈ। ਇਸ ਸਾਲ ਦੀ ਪ੍ਰਥਮ (ਸਿੱਖਿਆ ਦੀ ਸਾਲਾਨਾ ਸਥਿਤੀ ਰਿਪੋਰਟ) ਦੀ ਰਿਪੋਰਟ ਵਿੱਚ, ਇਹ ਪਾਇਆ ਗਿਆ ਕਿ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੋਵਾਂ ਦੇ, ਤੀਜੀ ਜਮਾਤ ਦੇ ਲਗਭਗ 15 ਪ੍ਰਤੀਸ਼ਤ ਵਿਦਿਆਰਥੀ ਗੁਰਮੁਖੀ ਲਿਪੀ ਵਿੱਚ ਵਰਣਮਾਲਾ ਪੜ੍ਹ ਸਕਦੇ ਸਨ ਪਰ ਸ਼ਬਦ ਨਹੀਂ ਅਤੇ 4.6 ਪ੍ਰਤੀਸ਼ਤ ਵਿਦਿਆਰਥੀ ਪੰਜਾਬੀ ਅੱਖਰ ਵੀ ਨਹੀਂ ਪੜ੍ਹ ਸਕਦੇ ਸਨ।

### "ਸਿਰਫ਼ 2 ਸ਼ੂਟਰਾਂ ਨੇ ਹਜ਼ਾਰਾਂ ਲੋਕਾਂ 'ਚ ਗੋਲੀਆਂ ਚਲਾਈਆਂ ਤੇ ਭੱਜ ਗਏ"

# ਹਾਈਕੋਰਟ ਨੇ DGP ਪੰਜਾਬ ਨੂੰ ਕੀਤਾ ਤਲਬ

**ਚੰਡੀਗੜ੍ਹ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਮੁਹਾਲੀ ਦੇ ਸੋਹਾਣਾ 'ਚ ਕਬੱਡੀ ਖਿਡਾਰੀ ਰਾਣਾ ਬਲਾਚੌਰੀਆ ਦੇ ਕਤਲ ਮਾਮਲੇ 'ਚ ਬੁੱਧਵਾਰ ਪੰਜਾਬ ਹਰਿਆਣਾ ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਤਿੱਖੀ ਝਾੜ ਪਾਈ। ਹਾਈਕੋਰਟ ਨੇ ਸੁਣਵਾਈ ਦੌਰਾਨ ਲਾਰੈਂਸ ਬਿਸ਼ਨੋਈ ਦੇ ਇੰਟਰਵਿਊ ਮਾਮਲੇ ਨਾਲ ਇਸ ਅਪਰਾਧ ਨੂੰ 'ਗਲੋਰੀਫਾਈ' ਕੀਤਾ।



ਨਾਲ ਹੀ ਡੀਜੀਪੀ ਪੰਜਾਬ ਨੂੰ ਤਲਬ ਕਰਦਿਆਂ 15 ਜਨਵਰੀ ਨੂੰ ਜਵਾਬ ਦੇਣ ਲਈ ਕਿਹਾ ਹੈ। ਹਾਈਕੋਰਟ ਨੇ ਝਾੜ ਪਾਉਂਦਿਆਂ ਕਿਹਾ ਕਿ ਅਸੀਂ ਪਹਿਲਾਂ ਸਰਕਾਰ ਨੂੰ ਇਸ 'ਤੇ ਰੋਕ ਲਗਾਉਣ ਦੀ ਅਪੀਲ ਕੀਤੀ ਸੀ, ਪਰ ਇਸ ਦੇ ਬਾਵਜੂਦ ਸੋਹਾਣਾ ਵਿੱਚ ਕਬੱਡੀ ਖਿਡਾਰੀ ਅਤੇ ਪ੍ਰਮੋਟਰ ਰਾਣਾ ਬਲਾਚੌਰੀਆ ਦਾ ਜਨਤਕ ਤੌਰ 'ਤੇ ਕਤਲ ਕਰ ਦਿੱਤਾ ਗਿਆ। ਮਾਮਲੇ ਵਿੱਚ ਸਰਕਾਰ ਵੱਲੋਂ ਜਾਂਚ ਮੁਹਾਲੀ ਦੇ ਐਸਪੀ ਇਨਵੈਸਟੀਗੇਸ਼ਨ ਸੌਰਵ ਜਿੰਦਲ ਨੇ ਹਲਫਨਾਮਾ ਦਾਖਲ ਕੀਤਾ, ਜਿਸ ਵਿੱਚ ਦੱਸਿਆ ਗਿਆ ਕਿ ਕਤਲ ਸ਼ਾਮ 5:55 ਵਜੇ ਹੋਇਆ ਤੇ ਲਗਭਗ 900 ਤੋਂ 1,000 ਲੋਕ ਮੌਜੂਦ ਸਨ। ਹਾਈ ਕੋਰਟ ਨੇ ਪੁੱਛਿਆ ਕਿ ਕੀ ਸੀਸੀਟੀਵੀ ਕੈਮਰੇ ਲਗਾਏ ਗਏ ਸਨ, ਤਾਂ ਸਰਕਾਰ ਨੇ ਕਿਹਾ ਕਿ 10 ਹਥਿਆਰਬੰਦ ਪੁਲਿਸ ਕਰਮਚਾਰੀ ਮੌਜੂਦ ਸਨ। ਹਾਈ ਕੋਰਟ ਨੇ ਪੁੱਛਿਆ ਕਿ ਕੀ ਗੋਲੀਬਾਰੀ ਕਰਨ ਵਾਲਿਆਂ ਦੀ ਪਛਾਣ ਕੀਤੀ ਗਈ ਹੈ, ਸਰਕਾਰ ਨੇ ਕਿਹਾ ਕਿ ਉਨ੍ਹਾਂ ਦੀ ਪਛਾਣ ਕੀਤੀ ਗਈ ਹੈ। ਹਾਈ ਕੋਰਟ ਨੇ ਕਿਹਾ ਕਿ ਇਹ ਬਹੁਤ ਗੰਭੀਰ ਮਾਮਲਾ ਹੈ, ਸਿਰਫ਼ ਦੋ ਸ਼ੂਟਰਾਂ ਨੇ ਹਜ਼ਾਰਾਂ ਦੀ ਭੀੜ ਵਿੱਚ ਜਨਤਕ ਤੌਰ 'ਤੇ ਗੋਲੀਆਂ ਚਲਾਈਆਂ ਅਤੇ ਭੱਜ ਗਏ। ਇਹ ਪੂਰੇ ਰਾਜ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਸਵਾਲ ਖੜ੍ਹੇ ਕਰਦਾ ਹੈ। ਕੀ ਹਲਫ਼ਨਾਮਾ ਅਜਿਹੀਆਂ ਸਥਿਤੀਆਂ ਤੋਂ ਬਚਾਅ ਸਕਦਾ ਹੈ ? ਅਜੇ ਤੱਕ ਇਸ ਸਾਰੇ ਸ਼ੂਟਰ ਗ੍ਰਿਫ਼ਤਾਰ ਨਹੀਂ ਕੀਤੇ ਗਏ ਹਨ ? ਇਸ 'ਤੇ ਸਰਕਾਰ ਕੀ ਜਵਾਬ ਦੇਵੇਗੀ ? ਇਸ ਮਾਮਲੇ ਵਿੱਚ ਹਾਈ ਕੋਰਟ ਦੀ ਸਹਾਇਤਾ ਕਰ ਰਹੀ ਵਕੀਲ ਤਨੂ ਬੇਦੀ ਨੇ ਕਿਹਾ ਕਿ ਇਹ ਉਦੋਂ ਤੱਕ ਨਹੀਂ ਰੁਕੇਗਾ, ਜਦੋਂ ਤੱਕ ਗੈਂਗਸਟਰਾਂ ਅਤੇ ਪੁਲਿਸ ਵਿਚਕਾਰ ਗੱਠਜੋੜ ਨਹੀਂ ਟੁੱਟ ਜਾਂਦਾ। ਹਾਈ ਕੋਰਟ ਨੇ ਪੁੱਛਿਆ ਕਿ ਪੰਜਾਬ ਵਿੱਚ ਗੈਂਗਸਟਰ ਇੰਨੇ ਸਰਗਰਮ ਕਿਉਂ ਹਨ ਅਤੇ ਹਰਿਆਣਾ ਬਾਰੇ ਓਨੀ ਖ਼ਬਰਾਂ ਕਿਉਂ ਨਹੀਂ ਹਨ ਜਿੰਨੀਆਂ ਪੰਜਾਬ ਬਾਰੇ ਹਨ। ਲਗਭਗ ਇੱਕ ਸਾਲ ਪਹਿਲਾਂ, ਅਸੀਂ ਸਰਕਾਰ ਨੂੰ ਸੰਗਠਿਤ ਅਪਰਾਧ, ਜਬਰੀ ਵਸੂਲੀ ਅਤੇ ਟਾਰਗੇਟ ਕਿਲਿੰਗ ਨੂੰ ਰੋਕਣ ਲਈ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਪ੍ਰਦਾਨ ਕਰਨ ਦਾ ਹੁਕਮ ਦਿੱਤਾ ਸੀ। ਪਰ ਹੁਣ 15 ਦਸੰਬਰ ਨੂੰ, ਕਬੱਡੀ ਪ੍ਰਮੋਟਰ ਅਤੇ ਟੀਮ ਆਰਗੇਨਾਈਜ਼ਰ ਰਾਣਾ ਬਲਾਚੌਰੀਆ ਦਾ ਸੋਹਾਣਾ ਸਟੇਡੀਅਮ ਵਿੱਚ ਲਗਭਗ ਇੱਕ ਹਜ਼ਾਰ ਲੋਕਾਂ ਦੀ ਮੌਜੂਦਗੀ ਵਿੱਚ ਕਤਲ ਕਰ ਦਿੱਤਾ ਗਿਆ ਸੀ।

## ਹੁਣ ਸਰਹਿੰਦ ਰੇਲਵੇ ਸਟੇਸ਼ਨ 'ਤੇ ਰੁਕਣਗੀਆਂ 14 ਟ੍ਰੇਨਾਂ

**ਸਰਹਿੰਦ/ਮਾਛੀਵਾੜਾ ਸਾਹਿਬ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਰੇਲਵੇ ਵਿਭਾਗ ਨੇ ਸ੍ਰੀ ਫਤਿਹਗੜ੍ਹ ਸਾਹਿਬ ਵਿੱਚ ਤਿੰਨ ਦਿਨਾਂ ਤੱਕ ਚੱਲਣ ਵਾਲੇ ਸ਼ਹੀਦੀ ਸਮਾਗਮ ਸਬੰਧੀ ਇੱਕ ਮਹੱਤਵਪੂਰਨ ਫੈਸਲਾ ਲਿਆ ਹੈ। ਰੇਲਵੇ ਨੇ ਸਰਹਿੰਦ ਰੇਲਵੇ ਸਟੇਸ਼ਨ 'ਤੇ ਨਾ ਰੁਕਣ ਵਾਲੀਆਂ 14 ਰੇਲਗੱਡੀਆਂ ਨੂੰ ਤਿੰਨ ਦਿਨਾਂ ਲਈ ਰੋਕਣ ਦਾ ਵੀ ਫੈਸਲਾ ਕੀਤਾ ਹੈ ਤਾਂ ਜੋ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਉਣ ਵਾਲੇ ਸ਼ਰਧਾਲੂ ਰੇਲਗੱਡੀ ਰਾਹੀਂ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਮੱਥਾ ਟੇਕ ਸਕਣ। ਉੱਤਰੀ ਰੇਲਵੇ ਨੇ ਦੱਸਿਆ ਕਿ ਸ਼ਹੀਦੀ ਜੋੜ ਮੇਲ ਦੌਰਾਨ ਸ਼ਰਧਾਲੂਆਂ ਅਤੇ ਯਾਤਰੀਆਂ ਦੀ ਵਧਦੀ ਗਿਣਤੀ ਨੂੰ ਦੇਖਦੇ ਹੋਏ ਇਹ ਫੈਸਲਾ ਲਿਆ ਗਿਆ ਹੈ, ਤਾਂ ਜੋ ਉਨ੍ਹਾਂ ਨੂੰ ਆਉਣ-ਜਾਣ ਵਿੱਚ ਕੋਈ ਮੁਸ਼ਕਲ ਨਾ ਆਵੇ। ਇਹ ਜਾਣਕਾਰੀ ਉੱਤਰੀ ਰੇਲਵੇ ਦੇ ਮੁੱਖ ਲੋਕ ਸੰਪਰਕ ਅਧਿਕਾਰੀ ਹਿਮਾਂਸ਼ੂ ਸ਼ੇਖਰ ਉਪਾਧਿਆਏ ਨੇ ਜਾਰੀ ਕੀਤੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਮੁੜ ਤੋਂ ਚੱਲਣ ਵਾਲੀਆਂ ਟ੍ਰੇਨਾਂ

ਜਲੰਧਰ ਸਿਟੀ-ਫ਼ਿਰੋਜ਼ਪੁਰ ਛਾਉਣੀ (74939)- 1 ਜਨਵਰੀ, 2026

ਫ਼ਿਰੋਜ਼ਪੁਰ ਕੈਂਟ-ਜਲੰਧਰ ਸਿਟੀ (74932) - 2 ਜਨਵਰੀ, 2026

ਅੰਮ੍ਰਿਤਸਰ-ਡੇਰਾ ਬਾਬਾ ਨਾਨਕ (74651)- 1 ਜਨਵਰੀ, 2026

ਡੇਰਾ ਬਾਬਾ ਨਾਨਕ-ਵੇਰਕਾ (74652)- 1 ਜਨਵਰੀ, 2026

ਮਿਲੀ ਜਾਣਕਾਰੀ ਮੁਤਾਬਿਕ ਹਰ ਟ੍ਰੇਨ ਸਰਹਿੰਦ ਰੇਲਵੇ ਸਟੇਸ਼ਨ 'ਤੇ 2 ਮਿੰਟ ਤੱਕ ਰੁਕੇਗੀ। 25 ਤੋਂ 27 ਦਸੰਬਰ ਤੱਕ ਸ੍ਰੀ ਫਤਿਹਗੜ੍ਹ ਸਾਹਿਬ 50 ਲੱਖ ਤੋਂ ਵੱਧ ਸ਼ਰਧਾਲੂਆਂ ਦੇ ਪਹੁੰਚਣ ਦੀ ਉਮੀਦ ਹੈ। ਸਰਹਿੰਦ ਰੇਲਵੇ ਸਟੇਸ਼ਨ ਤੋਂ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਲਈ ਬੱਸਾਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ।

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ ’ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ।

- ਸਿਮਰਨਜੀਤ ਸਿੰਘ




**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ ’ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••




**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••




**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••




**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••




**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••




**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ ‘ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।’ ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••




**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••




**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ ’ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ ’ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ ’ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲਸਾ ਮੈਮੋਰੀਅਲ ਹਸਪਤਾਲ



ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।
+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'


ਦਮਦਮੀ ਟਕਸਾਲ ਦੇ ਬਾਨੀ,
ਸਾਹਿਬੇ-ਕਮਾਲ, ਅੰਮ੍ਰਿਤ ਕੇ ਦਾਤੇ, ਸਰਬੰਸਦਾਨੀ,
ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ
ਅਵਤਾਰ ਗੁਰਪੁਰਬ ਨੂੰ ਸਮਰਪਿਤ
ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) ਵੱਲੋਂ
ਮਹਾਨ ਨਗਰ ਕੀਰਤਨ
ਮਿਤੀ 25 ਦਸੰਬਰ 2025 ਦਿਨ ਵੀਰਵਾਰ (ਸਵੇਰੇ 7 ਵਜੇ)
ਗੁ: ਗੁਰਦਰਸ਼ਨ ਪ੍ਰਕਾਸ਼ ਹੈੱਡਕੁਆਟਰ ਦਮਦਮੀ ਟਕਸਾਲ ਮਹਿਤਾ ਤੋਂ ਆਰੰਭ ਹੋਵੇਗਾ।
ਨਗਰ ਕੀਰਤਨ ਗੁ: ਗੁਰਦਰਸ਼ਨ ਪ੍ਰਕਾਸ਼ ਤੋਂ ਆਰੰਭ ਹੋ ਕੇ ਉੱਦੋ ਨੰਗਲ, ਸੂਰੋ ਪੱਡਾ, ਨਾਥ ਦੀ ਖੂਹੀ, ਜਲਾਲ ਉਸਮਾਂ, ਗੁਰਦੁਆਰਾ ਚੇਲੇਆਣਾ ਸਾਹਿਬ, ਰਜਧਾਨ, ਭਲਾਈਪੁਰ, ਅੱਡਾ ਦਾਉਦ, ਅੱਡਾ ਵਡਾਲਾ, ਮੋੜ ਸੁਧਾਰ, ਅੱਡਾ ਦਨਿਆਲ, ਮੋੜ ਕਲੇਰ ਘੁਮਾਣ, ਧਿਆਨਪੁਰ, ਬਾਬਾ ਬਕਾਲਾ ਸਾਹਿਬ, ਠੱਠੀਆਂ, ਬੇਦਾਦਪੁਰ, ਸਠਿਆਲਾ, ਗੱਗੜਭਾਣਾ, ਬੁੱਟਰ, ਟਕਾਪੁਰ, ਖੱਬੇ ਰਾਜਪੂਤਾਂ, ਅੱਡਾ ਸੈਦੂਕੇ, ਚੂੰਗ, ਮਹਿਤਾ ਚੌਕ ਤੋਂ ਵਾਪਸ ਗੁ: ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਪਹੁੰਚੇਗਾ।
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਬੱਸਾਂ, ਟਰੱਕ, ਟਰੈਕਟਰ, ਕਾਰਾਂ ਆਦਿ ਸਾਧਨਾਂ ਵਾਲੇ ਗੁਰਮੁਖ ਪਿਆਰੇ ਸੰਗਤਾਂ ਦੀ ਸੇਵਾ ਲਈ ਆਪੋ-ਆਪਣੇ ਸਾਧਨਾਂ ਸਮੇਤ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨ ਜੀ
Amar Art STUDIO
ਸੰਪਰਕ: 99158-00904, 98726-08626, 62830-23170, 95171 76191




## ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

**ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ**

**ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)**

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖ਼ਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਅੰਮ੍ਰਿਤ ਸੰਚਾਰ

## 27 ਦਸੰਬਰ 2025

ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪਰਿਵਾਰ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਹੋਵੇਗਾ

ਸ਼ਨਿੱਚਰਵਾਰ 27 ਦਸੰਬਰ ਬਾਅਦ ਦੁਪਹਿਰ 2 ਵਜੇ ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ।



ਕੱਕਾਰਾ ਦੀ ਸੇਵਾ ਗੁਰਦੁਆਰਾ ਸਾਹਿਬ ਜੀ ਵੱਲੋਂ ਭੇਟਾਂ ਰਹਿਤ ਦਿੱਤੇ ਜਾਣਗੇ।

ਅੰਮ੍ਰਿਤ ਛਕਣ ਵਾਲੀ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ 2 ਘੰਟੇ ਪਹਿਲਾਂ 12 ਵਜੇ ਪਹੁੰਚਣ ਦੀ ਕਿਰਪਾਲਤਾ ਕਰਨੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




# ਗੁਰੂ ਹਰਗੋਬਿੰਦ ਪਬਲਿਕ ਸਕੂਲ ਲਹਿਰੀ 'ਚ ਸ਼ਹੀਦੀ ਸਮਾਗਮ ਕਰਵਾਇਆ

**ਤਲਵੰਡੀ ਸਾਬੋ, 24 ਦਸੰਬਰ (ਗੁਰਜੰਟ ਸਿੰਘ ਨਥੇਹਾ)-** ਸ਼ਫ਼ਰ-ਏ-ਸ਼ਹਾਦਤ ਨੂੰ ਸਮਰਪਿਤ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਖੇ ਇਕ ਭਾਵਪੂਰਤ ਸ਼ਹੀਦੀ ਸਮਾਗਮ ਮਨਾਇਆ ਗਿਆ। ਇਸ ਸਮਾਗਮ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹੈਡਗ੍ਰੰਥੀ ਭਾਈ ਜਗਤਾਰ ਸਿੰਘ ਜੀ ਨੇ ਚਾਰੇ ਸਾਹਿਬਜ਼ਾਦਿਆਂ ਅਤੇ ਹੋਰ ਸਿੱਖ ਸ਼ਹੀਦਾਂ ਦੀਆਂ ਮਹਾਨ ਸ਼ਹਾਦਤਾਂ ਬਾਰੇ ਵਿਦਿਆਰਥੀਆਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਸਾਹਿਬਜ਼ਾਦਿਆਂ ਦੀ ਕੁਰਬਾਨੀ ਸਿੱਖ ਇਤਿਹਾਸ ਦੀ ਅਮਿੱਟ ਮਿਸਾਲ ਹੈ ਜੋ ਸਾਨੂੰ ਸੱਚ, ਧਰਮ ਅਤੇ ਇਨਸਾਫ਼ ਦੇ ਰਾਹ 'ਤੇ ਤੁਰਨ ਦੀ ਪ੍ਰੇਰਣਾ ਦਿੰਦੀ ਹੈ। ਇਸ ਮੌਕੇ ਮੋਤੀ ਰਾਮ ਮਹਿਰਾ ਜੀ ਦੀ ਯਾਦ ਨੂੰ ਤਾਜ਼ਾ ਕਰਦਿਆਂ ਦੁੱਧ ਦਾ ਲੰਗਰ ਲਗਾਇਆ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੂੰ ਦੁੱਧ ਪਿਲਾਇਆ ਗਿਆ। ਲੰਗਰ ਦੀ ਸੇਵਾ ਨੇ ਸਮਾਗਮ ਨੂੰ ਹੋਰ ਵੀ ਅਰਥਪੂਰਨ ਬਣਾ ਦਿੱਤਾ। ਸਮਾਗਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਸ. ਲਖਵਿੰਦਰ ਸਿੰਘ ਸਿੱਧੂ ਨੇ ਭਾਈ ਜਗਤਾਰ ਸਿੰਘ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਇਤਿਹਾਸਕ ਚੇਤਨਾ, ਸੰਸਕਾਰ ਅਤੇ ਕੁਰਬਾਨੀ ਦੀ ਭਾਵਨਾ ਪੈਦਾ ਕਰਦੇ ਹਨ। ਇਸ ਮੌਕੇ ਸਕੂਲ ਕਮੇਟੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ੍ਰੀਮਤੀ ਪਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੇ ਜੀਵਨ ਤੋਂ ਸਿੱਖ ਲੈ ਕੇ ਸੱਚਾਈ ਅਤੇ ਇਮਾਨਦਾਰੀ ਨਾਲ ਜੀਵਨ ਜਿਉਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV






ਪ੍ਰੋ. ਖਿਆਲਾ ਵੱਲੋਂ ਸੁਖਬੀਰ ਬਾਦਲ ਨੂੰ ਆਪਣੀ ਭੂਮਿਕਾ ਜਨਤਕ ਤੌਰ 'ਤੇ ਸਪਸ਼ਟ ਕਰਨ ਦੀ ਚੁਣੌਤੀ

# "ਵੀਰ ਬਾਲ ਦਿਵਸ" 'ਤੇ ਝੂਠੀ ਸਿਆਸਤ ਨਹੀਂ ਚੱਲੇਗੀ: ਪ੍ਰੋ. ਸਰਚਾਂਦ ਸਿੰਘ ਖਿਆਲਾ



Union Textile Minister Smriti Irani being presented a shawl by SAD chief Sukhbir Badal and DSGMC president Manjit Singh GK in New Delhi on Tuesday. TRIBUNE PHOTO: MANAS RANJAN BHUI

Plea to observe Sahibzade's martyrdom day as Bal Diwas

SYED ALI AHMED
TRIBUNE NEWS SERVICE

NEW DELHI, JANUARY 16

A conclave organised by the Delhi Sikh Gurdwara Management Committee (DSGMC) today decided to recommend the government to observe the martyrdom day of Chaar Sahibzade (four sons of Guru Gobind Singh) as Bal Diwas.

The speakers on the occasion, including West Delhi MP Parvesh Verma and senior BJP leader Vijay Kumar Malhotra, said having seen the sacrifice of Chaar Sahibzade, the government should declare December 22 as Bal Diwas to commemorate their martyrdom.

Verma said they had sacrificed their lives to protect Hindus from the torture of Mughal emperors.

The conclave was presided over by Union Information and Broadcasting and Textile Minister Smriti Irani. She asked the DSGMC to celebrate such functions in each city to tell people about the sacrifices of martyrs.

She thanked DSGMC president Manjit Singh GK and general secretary Manjinder Singh Sirsa for informing her about the history of Chaar Sahibzade.

SAD chief Sukhbir Singh Badal said his government in Punjab had spent Rs 2,000 crore for the construction of religious memorials in Punjab, including Virast-e-Khalsa, Banda Bahadur Singh memorial, Chhota Ghallu Ghara and Bara Ghallu Ghara.



ਬੁੱਧਵਾਰ, 17 ਜਨਵਰੀ 2018 5

ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਕਰਵਾਏ ਗਏ ਸੈਮੀਨਾਰ ਦੌਰਾਨ ਕੇਂਦਰੀ ਮੰਤਰੀ ਸਮ੍ਰਿਤੀ ਇਰਾਨੀ ਦਾ ਸਵਾਗਤ ਕਰਦੇ ਹੋਏ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਦਿੱਲੀ ਕਮੇਟੀ ਪ੍ਰਧਾਨ ਮਨਜੀਤ ਸਿੰਘ ਜੀ.ਕੇ.।

ਦਿੱਲੀ ਕਮੇਟੀ ਵਲੋਂ ਵਿਗਿਆਨ ਭਵਨ ਵਿਖੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਕੌਮੀ ਸੈਮੀਨਾਰ

• ਨੌਜਵਾਨਾਂ ਨੂੰ ਸ਼ਹਾਦਤ ਨਾਲ ਲਾਜ਼ਮੀ ਤੌਰ 'ਤੇ ਜਾਣੂ ਕਰਵਾਇਆ ਜਾਵੇ - ਸੁਖਬੀਰ
• ਸ਼ਹਾਦਤ ਦੀ ਗਾਥਾ ਸੁਣ ਕੇ ਰੌਂਗਟੇ ਖੜ੍ਹੇ ਹੋ ਜਾਂਦੇ ਹਨ - ਸਮ੍ਰਿਤੀ ਇਰਾਨੀ

**ਅੰਮ੍ਰਿਤਸਰ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ "ਬਾਲ ਦਿਵਸ" ਵਜੋਂ ਮਨਾਏ ਜਾਣ ਬਾਰੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਅਕਾਲੀ ਆਗੂ ਸ. ਮਨਜੀਤ ਸਿੰਘ ਜੀ.ਕੇ. ਵੱਲੋਂ ਆਪਣੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਭੂਮਿਕਾ ਬਾਰੇ ਦਿੱਤੇ ਗਏ ਬਿਆਨਾਂ ਦੇ ਸੰਦਰਭ ਵਿੱਚ ਉੱਭਰੀ ਚਰਚਾ ਅਤੇ ਬੀਜੇਪੀ ਦੇ ਬੁਲਾਰੇ ਪ੍ਰਿਤਪਾਲ ਸਿੰਘ ਬਲੀਏਵਾਲ ਵੱਲੋਂ ਕੀਤੇ ਗਏ ਖੁਲਾਸਿਆਂ ਨੂੰ ਲੈ ਕੇ ਉਹਨਾਂ ਵੱਲੋਂ ਕਾਨੂੰਨੀ ਕਾਰਵਾਈ ਦੀ ਦਿੱਤੀ ਗਈ ਧਮਕੀ ਦੇ ਜਵਾਬ ਵਿੱਚ ਅੱਜ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਦਿੱਲੀ ਦੇ ਸਮਾਗਮ ਦੀਆਂ ਅਖ਼ਬਾਰੀ ਰਿਪੋਰਟਾਂ ਜਾਰੀ ਕਰਕੇ ਤੱਥਾਤਮਕ ਜਾਣਕਾਰੀ ਜਨਤਾ ਦੇ ਸਾਹਮਣੇ ਰੱਖੀ। ਉਨ੍ਹਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਵੀ ਆਪਣੀ ਭੂਮਿਕਾ ਬਾਰੇ ਸਥਿਤੀ ਸਪਸ਼ਟ ਕਰਨ ਦੀ ਚੁਣੌਤੀ ਦਿੱਤੀ।

## ਅਖ਼ਬਾਰੀ ਰਿਪੋਰਟਾਂ ਨੇ ਤੱਥ ਬੇਨਕਾਬ ਕੀਤੇ: ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ 'ਬਾਲ ਦਿਵਸ' ਵਜੋਂ ਮਨਾਉਣ ਦੀ ਵਕਾਲਤ ਸੁਖਬੀਰ ਬਾਦਲ ਤੇ ਜੀ ਕੇ ਦੀ ਅਗਵਾਈ ਵਾਲੇ ਸੈਮੀਨਾਰ ਤੋਂ ਉੱਭਰੀ



ਉਨ੍ਹਾਂ ਕਿਹਾ ਕਿ ਸ. ਮਨਜੀਤ ਸਿੰਘ ਜੀ.ਕੇ. ਇੱਕ ਸੁਲਝੇ ਹੋਏ ਧਾਰਮਿਕ ਅਤੇ ਸਿਆਸੀ ਆਗੂ ਹਨ, ਪਰ ਸੁਖਬੀਰ ਸਿੰਘ ਬਾਦਲ ਦੀ ਸੰਗਤ ਨੇ ਉਨ੍ਹਾਂ 'ਤੇ ਵੀ ਆਪਣੇ ਕੀਤੇ ਤੋਂ ਮੁਨਕਰ ਹੋਣ ਵਾਲੀਆਂ ਆਦਤਾਂ ਦਾ ਅਸਰ ਪਾ ਦਿੱਤਾ ਹੈ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ 16 ਜਨਵਰੀ 2018 ਨੂੰ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਵੱਲੋਂ ਦਿੱਲੀ ਦੇ ਵਿਗਿਆਨ ਭਵਨ ਵਿੱਚ ਸਾਹਿਬਜ਼ਾਦਿਆਂ ਦੀ ਅਲੌਕਿਕ ਸ਼ਹਾਦਤ ਨੂੰ ਸਮਰਪਿਤ ਇੱਕ ਕੌਮੀ ਸੈਮੀਨਾਰ ਆਯੋਜਿਤ ਕੀਤਾ ਗਿਆ ਸੀ। ਉਸ ਸਮੇਂ ਸਰਦਾਰ ਮਨਜੀਤ ਸਿੰਘ ਜੀ.ਕੇ. ਦਿੱਲੀ ਕਮੇਟੀ ਦੇ ਪ੍ਰਧਾਨ ਸਨ ਅਤੇ ਇਸ ਸੈਮੀਨਾਰ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਤਤਕਾਲੀ ਉਪ ਮੁੱਖ ਮੰਤਰੀ ਪੰਜਾਬ ਸਰਦਾਰ ਸੁਖਬੀਰ ਸਿੰਘ ਬਾਦਲ ਅਤੇ ਕੇਂਦਰੀ ਮੰਤਰੀ ਸ੍ਰੀਮਤੀ ਸਿਮਰਤੀ ਇਰਾਨੀ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਸਨ।

ਪ੍ਰੋ. ਖਿਆਲਾ ਨੇ ਕਿਹਾ ਕਿ ਇਸ ਕੌਮੀ ਸੈਮੀਨਾਰ ਦੀ ਕਵਰੇਜ 17 ਜਨਵਰੀ 2018 ਨੂੰ ਹੋਰਨਾਂ ਤੋਂ ਇਲਾਵਾ 'ਦ ਟ੍ਰਿਬਿਊਨ' ਅਖਬਾਰ ਵਿੱਚ ਪੱਤਰਕਾਰ ਸਈਦ ਅਲੀ ਅਹਿਮਦ ਵੱਲੋਂ ਅਤੇ 'ਅਜੀਤ' ਅਖਬਾਰ ਵਿੱਚ ਪੱਤਰਕਾਰ ਸ. ਜਗਤਾਰ ਸਿੰਘ ਵੱਲੋਂ ਕੀਤੀ ਗਈ ਸੀ। 'ਦ ਟ੍ਰਿਬਿਊਨ' ਦੀ ਲੀਡ ਰਿਪੋਰਟ ਵਿੱਚ ਸਾਫ਼ ਤੌਰ 'ਤੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਵੱਲੋਂ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ 'ਬਾਲ ਦਿਵਸ' ਵਜੋਂ ਮਨਾਉਣ ਦੀ ਸਿਫ਼ਾਰਿਸ਼ ਸਰਕਾਰ ਕੋਲ ਕਰਨ ਦਾ ਫੈਸਲਾ ਲਏ ਜਾਣ ਦਾ ਜ਼ਿਕਰ ਕੀਤਾ ਗਿਆ ਸੀ। ਮੀਡੀਆ ਕਵਰੇਜ ਵਿੱਚ 'ਬਾਲ ਦਿਵਸ' ਦੀ ਵਕਾਲਤ ਨੂੰ ਪ੍ਰਮੁੱਖਤਾ ਨਾਲ ਉਭਾਰਿਆ ਗਿਆ, ਪਰ ਸ. ਜੀ.ਕੇ. ਜਾਂ ਦਿੱਲੀ ਕਮੇਟੀ ਵੱਲੋਂ ਨਾ ਤਾਂ ਉਸ ਵੇਲੇ ਅਤੇ ਨਾ ਹੀ ਬਾਅਦ ਵਿੱਚ ਕਦੇ ਇਸ ਦਾ ਖੰਡਨ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਉਸ ਸਮੇਂ ਦੀ ਅਖ਼ਬਾਰੀ ਕਵਰੇਜ ਅਤੇ ਪ੍ਰਕਾਸ਼ਿਤ ਤਸਵੀਰਾਂ ਵਿੱਚ ਇਹ ਸਪਸ਼ਟ ਦਿਖਾਈ ਦਿੰਦਾ ਹੈ ਕਿ ਮਨਜੀਤ ਸਿੰਘ ਜੀ.ਕੇ. ਨਾ ਕੇਵਲ ਸਮਾਗਮ ਵਿੱਚ ਮੌਜੂਦ ਸਨ, ਸਗੋਂ ਉਹ ਸ. ਸੁਖਬੀਰ ਸਿੰਘ ਬਾਦਲ ਦੇ ਨਾਲ ਕੇਂਦਰੀ ਮੰਤਰੀ ਸ੍ਰੀਮਤੀ ਸਿਮਰਤੀ ਇਰਾਨੀ ਨੂੰ ਸਨਮਾਨਿਤ ਕਰਦੇ ਵੀ ਨਜ਼ਰ ਆ ਰਹੇ ਹਨ। ਜਿਸ ਦੇ ਪਿੱਛੇ ਬੈਨਰ 'ਤੇ ਅੰਗਰੇਜ਼ੀ ਵਿੱਚ "Delhi Sikh Gurdwara Management Committee" ਦਰਜ ਹੋਣਾ ਵੀ ਤੱਥਾਂ ਨੂੰ ਹੋਰ ਸਪਸ਼ਟ ਕਰਦਾ ਹੈ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ 'ਬਾਲ' ਸ਼ਬਦ ਨਾਲ ਜੋੜਨ ਨੂੰ ਲੈ ਕੇ ਉੱਠ ਰਹੀਆਂ ਸ਼ੰਕਾਵਾਂ ਦਾ ਸਿੱਖ ਇਤਿਹਾਸ ਅਤੇ ਗੁਰਬਾਣੀ ਵਿੱਚ ਮੌਜੂਦ ਤੱਥਾਂ ਨਾਲ ਜਵਾਬ ਦਿੱਤਾ ਅਤੇ ਕਿਹਾ ਕਿ 'ਬਾਲ' ਸ਼ਬਦ ਸਿੱਖ ਪਰੰਪਰਾ ਵਿੱਚ ਅਪਮਾਨ ਨਹੀਂ, ਸਗੋਂ ਪਵਿੱਤਰਤਾ, ਨਿਰਮਲਤਾ ਅਤੇ ਆਤਮਿਕ ਮਹਾਨਤਾ ਦਾ ਪ੍ਰਤੀਕ ਹੈ। ਸਤਿਗੁਰੂ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਨੂੰ 'ਬਾਲਾ ਪ੍ਰੀਤਮ' ਕਿਹਾ ਜਾਂਦਾ ਹੈ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਾਲ ਅਵਸਥਾ ਨੂੰ ਵੀ 'ਬਾਲਾ ਪ੍ਰੀਤਮ' ਅਤੇ 'ਬਾਲ ਗੋਬਿੰਦ ਰਾਏ' ਵਜੋਂ ਸਿੱਖ ਇਤਿਹਾਸ ਵਿੱਚ ਵਿਸ਼ੇਸ਼ ਮਾਣ ਹਾਸਲ ਹੈ। ਉਨ੍ਹਾਂ ਕਿਹਾ ਕਿ ਭਾਈ ਦਨਾ ਸਿੰਘ ਦੀ ਰਚਨਾ ਕਥਾ ਗੁਰੂ ਕੇ ਸੁਤਨ ਕੀ ਵਿੱਚ ਛੋਟੇ ਸਾਹਿਬਜ਼ਾਦਿਆਂ ਲਈ 'ਬਾਲ' ਸ਼ਬਦ ਸਨੇਹ ਅਤੇ ਸਤਿਕਾਰ ਨਾਲ ਵਰਤਿਆ ਗਿਆ ਹੈ। ਭਾਈ ਗੁਰਦਾਸ ਜੀ ਦੀਆਂ ਵਾਰਾਂ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਸਿੱਧ ਗੋਸ਼ਟ ਵਿੱਚ ਆਪ ਨੂੰ ਸਿੱਧਾਂ ਵੱਲੋਂ 'ਬਾਲਾ' ਬੁਲਾਏ ਜਾਣ ਬਾਰੇ ਖ਼ੁਦ ਜ਼ਿਕਰ ਕਰਦੇ ਹਨ।

ਪ੍ਰੋ. ਖਿਆਲਾ ਨੇ ਸਿੱਖ ਭਾਵਨਾਵਾਂ ਦੀ ਤਰਜਮਾਨੀ ਕਰਦਿਆਂ ਕਿਹਾ ਕਿ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ, ਜਦੋਂ ਅਕਾਲ ਤਖ਼ਤ ਸਾਹਿਬ ਦੇ ਤਤਕਾਲੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੁਆਰਾ 26 ਦਸੰਬਰ ਨੂੰ 'ਵੀਰ ਬਾਲ ਦਿਵਸ' ਮਨਾਉਣ ਦੇ ਐਲਾਨ ਨੂੰ ਸੰਗਤਾਂ ਨਾਲ ਸਾਂਝਾ ਕੀਤਾ ਗਿਆ, ਤਾਂ ਉੱਥੇ ਜੈਕਾਰਿਆਂ ਅਤੇ ਉਤਸ਼ਾਹ ਨਾਲ ਇਸ ਦਾ ਸਵਾਗਤ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦੀ ਕੁਰਬਾਨੀ ਰਾਜਨੀਤਕ ਪਰਿਪੇਖ, ਮਨੁੱਖਤਾ, ਧਰਮ ਅਤੇ ਨਿਆਂ ਦੀ ਰੱਖਿਆ ਲਈ ਦਿੱਤੀ ਗਈ ਅਮਰ ਸ਼ਹਾਦਤ ਹੈ। ਇਹ ਧਰਮ ਅਤੇ ਨੇਕ ਸਿਧਾਂਤਾਂ ਤੋਂ ਭਟਕਣ ਦੀ ਬਜਾਏ ਮੌਤ ਨੂੰ ਤਰਜੀਹ ਦੇਣ ਵਾਲੇ ਸਾਹਿਬਜ਼ਾਦਿਆਂ ਦੇ ਸਾਹਸ ਅਤੇ ਉਨ੍ਹਾਂ ਦੀ ਨਿਆਂ ਪ੍ਰਤੀ ਅਟੱਲ ਨਿਸ਼ਠਾ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦੀ ਬਹਾਦਰੀ ਅਤੇ ਆਦਰਸ਼ ਲੱਖਾਂ ਲੋਕਾਂ ਨੂੰ ਬਲ ਬਖ਼ਸ਼ਦੇ ਹਨ, ਜੋ ਬੇਇਨਸਾਫ਼ੀ ਅੱਗੇ ਕਦੇ ਨਹੀਂ ਝੁਕੇ।

'ਵੀਰ ਬਾਲ ਦਿਵਸ' ਸਾਹਿਬਜ਼ਾਦਿਆਂ ਦੀ ਅਲੌਕਿਕ ਸ਼ਹਾਦਤ, ਸਾਹਸ ਅਤੇ ਨਿਆਂ ਲਈ ਦਿੱਤੀ ਗਈ ਕੁਰਬਾਨੀ ਨੂੰ ਦੇਸ਼ ਅਤੇ ਸੰਸਾਰ ਦੇ ਹਰ ਕੋਨੇ ਤੱਕ ਪਹੁੰਚਾਉਣ ਦਾ ਸਨਮਾਨਜਨਕ ਮਾਧਿਅਮ ਹੈ। 'ਵੀਰ ਬਾਲ ਦਿਵਸ' ਸ਼ਹਾਦਤ, ਗੌਰਵ ਅਤੇ ਕੌਮੀ ਚੇਤਨਾ ਦਾ ਪ੍ਰਤੀਕ ਹੈ।

ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ, ਸਾਹਿਬਜ਼ਾਦਿਆਂ ਅਤੇ ਸਿੱਖਾਂ ਦੀ ਦੇਸ਼ ਅਤੇ ਸਮਾਜ ਪ੍ਰਤੀ ਭੂਮਿਕਾ ਨੂੰ ਵਿਸ਼ਵ ਪੱਧਰ 'ਤੇ ਦ੍ਰਿਸ਼ਟੀਗੋਚਰ ਕਰਨ ਦੀ ਲੋੜ ਨੂੰ ਸਮਝਣਾ ਪ੍ਰਧਾਨ ਮੰਤਰੀ ਮੋਦੀ ਦੇ ਸਿੱਖੀ ਪ੍ਰਤੀ ਡੂੰਘੇ ਸਤਿਕਾਰ ਦੀ ਨਿਸ਼ਾਨੀ ਹੈ। ਇਹ ਕੋਈ ਰਾਜਨੀਤੀ ਨਹੀਂ, ਸਗੋਂ ਸ਼ਹਾਦਤ ਨੂੰ ਨਮਨ ਅਤੇ ਰਾਸ਼ਟਰੀ ਸਨਮਾਨ ਹੈ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦਾ ਸਨਮਾਨ ਪਹਿਲਾਂ ਵੀ ਸੀ ਅਤੇ ਅੱਗੇ ਵੀ ਰਹੇਗਾ, ਪਰ ਪ੍ਰਧਾਨ ਮੰਤਰੀ ਮੋਦੀ ਤੋਂ ਇਲਾਵਾ ਤਿੰਨ ਸਦੀਆਂ ਵਿੱਚ ਕਿਸੇ ਵੀ ਹਕੂਮਤ ਨੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿੱਜਦਾ ਕਰਨ ਲਈ ਰਾਸ਼ਟਰੀ ਪੱਧਰ 'ਤੇ ਅਜਿਹਾ ਕੋਈ ਕਦਮ ਨਹੀਂ ਚੁੱਕਿਆ। ਉਨ੍ਹਾਂ ਕਿਹਾ ਕਿ ਜੋ ਵੀ ਵਿਅਕਤੀ ਪੰਥ ਲਈ ਚੰਗਾ ਕਾਰਜ ਕਰਦਾ ਹੈ, ਉਸ ਦੀ ਹੌਸਲਾ ਅਫ਼ਜ਼ਾਈ ਅਤੇ ਸ਼ਲਾਘਾ ਹੋਣੀ ਚਾਹੀਦੀ ਹੈ। ਅਖੀਰ ਵਿੱਚ ਉਨ੍ਹਾਂ ਕਿਹਾ ਕਿ ਵੀਰ ਬਾਲ ਦਿਵਸ ਵਰਗੇ ਇਤਿਹਾਸਕ ਅਤੇ ਉੱਚੇ ਮਕਸਦ ਵਾਲੇ ਕਦਮਾਂ ਨੂੰ ਸਮੂਹ ਸਮਾਜ ਵੱਲੋਂ ਸਾਂਝੀ ਸਮਝ ਅਤੇ ਸੰਵੇਦਨਸ਼ੀਲਤਾ ਨਾਲ ਦੇਖਿਆ ਜਾਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਵੱਲੋਂ ਸਿਆਸੀ ਹਿੱਤਾਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਪੰਥ ਕਦੇ ਪ੍ਰਵਾਨ ਨਹੀਂ ਕਰੇਗਾ- ਸ਼੍ਰੋਮਣੀ ਕਮੇਟੀ ਮੈਂਬਰਾਨ



ਨਵੀਂ ਦਿੱਲੀ, 24 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਮਾਮਲੇ ਵਿਚ ਪੰਜਾਬ ਸਰਕਾਰ ਵੱਲੋਂ ਕੀਤੀ ਜਾ ਰਹੀ ਸਿਆਸਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਹੈ, ਜਿਸ ਨੂੰ ਸਿੱਖ ਪੰਥ ਕਦੇ ਵੀ ਪ੍ਰਵਾਨ ਨਹੀਂ ਕਰੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵੱਡ ਅਤੇ ਸ. ਅਮਰਜੀਤ ਸਿੰਘ ਭਲਾਈਪੁਰ ਨੇ ਜਾਰੀ ਇਕ ਬਿਆਨ ਵਿਚ ਕੀਤਾ। ਮੈਂਬਰ ਸਾਹਿਬਾਨ ਨੇ ਕਿਹਾ ਕਿ ਇਸ ਮਾਮਲੇ ਦੀ ਪੜਤਾਲ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਜਾਂਚ ਕਮੇਟੀ ਨੇ ਕੀਤੀ ਸੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਡਾ. ਈਸ਼ਰ ਸਿੰਘ ਦੀ ਰਿਪੋਰਟ ਅਨੁਸਾਰ ਕਾਰਵਾਈ ਕੀਤੀ ਹੈ। ਉਨ੍ਹਾਂ ਕਿਹਾ ਕਿ ਉਸ ਵੇਲੇ ਕੁਝ ਸਿੱਖ ਵਿਦਵਾਨਾਂ ਅਤੇ ਸੰਗਤਾਂ ਨੇ ਸ਼੍ਰੋਮਣੀ ਕਮੇਟੀ ਕੋਲ ਪਹੁੰਚ ਕੀਤੀ ਸੀ ਕਿ ਇਹ ਮਾਮਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜਿਆ ਹੋਇਆ ਹੈ ਇਸ ਲਈ ਇਸ ਬਾਰੇ ਕੋਈ ਵੀ ਪੁਲਿਸ ਕਾਰਵਾਈ ਨਾ ਕੀਤੀ ਜਾਵੇ, ਸਗੋਂ ਸ਼੍ਰੋਮਣੀ ਕਮੇਟੀ ਆਪਣੇ ਤੌਰ 'ਤੇ ਕਾਰਵਾਈ ਕਰੇ। ਉਨ੍ਹਾਂ ਕਿਹਾ ਕਿ ਡਾ. ਈਸ਼ਰ ਸਿੰਘ ਦੀ ਜਾਂਚ ਰਿਪੋਰਟ ਵਿਚ ਇਹ ਸਪੱਸ਼ਟ ਹੈ ਕਿ ਇਹ ਮਾਮਲਾ ਕੁਝ ਮੁਲਾਜਮਾਂ ਵੱਲੋਂ ਕੀਤੀ ਪੈਸਿਆਂ ਦੀ ਹੇਰਾਫੇਰੀ ਅਤੇ ਅਣਗਹਿਲੀ ਦਾ ਹੈ, ਇਸ ਨੂੰ ਸਰੂਪ ਗੁੰਮ ਹੋਣ ਅਤੇ ਬੇਅਦਬੀ ਵਜੋਂ ਪ੍ਰਚਾਰ ਕੇ ਸੰਗਤਾਂ ਨੂੰ ਗੁੰਮਰਾਹ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਉਸ ਵੇਲੇ ਕਾਂਗਰਸ ਪਾਰਟੀ ਦੀ ਸਰਕਾਰ ਸੀ ਅਤੇ ਉਨ੍ਹਾਂ ਵੱਲੋਂ ਸਿਆਸੀ ਮੁਫ਼ਾਦਾਂ ਲਈ ਸ੍ਰੀ ਦਰਬਾਰ ਸਾਹਿਬ ਨੂੰ ਆਉਂਦੇ ਰਸਤੇ 'ਤੇ ਭਾਈ ਬਲਦੇਵ ਸਿੰਘ ਵਡਾਲਾ ਰਾਹੀਂ ਧਰਨਾ ਲਗਾਇਆ ਗਿਆ ਸੀ। ਹੁਣ ਆਪ ਆਦਮੀ ਪਾਰਟੀ ਨਾਲ ਸਬੰਧਤ ਪੰਜਾਬ ਵਿਧਾਨ ਸਭਾ ਦੇ ਸਪੀਕਰ, ਮੰਤਰੀ ਅਤੇ ਵਿਧਾਇਕ ਵੱਲੋਂ ਇਸ ਧਰਨੇ ਵਿਚ ਪਹੁੰਚ ਕੇ ਆਪਣੇ ਸਿਆਸੀ ਲਾਹੇ ਲਈ ਪੁਲਿਸ ਨੂੰ ਐਫਆਈਆਰ ਦਰਜ ਕਰਨ ਲਈ ਕਹਿਣਾ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਧੀ ਚੁਣੌਤੀ ਹੈ। ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ ਅਤੇ ਆਪਣੀ ਨਾਕਾਮੀਆਂ ਨੂੰ ਛੁਪਾਉਣ ਲਈ ਸਿੱਖ ਭਾਵਨਾਵਾਂ ਨਾਲ ਖੇਡਣ ਤੋਂ ਗੁਰੇਜ ਨਹੀਂ ਕਰ ਰਹੀ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਨੂੰ ਕਿਹਾ ਕਿ ਬਾਰ-ਬਾਰ ਡਰਾਮੇ ਕਰਕੇ ਲੋਕਾਂ ਦਾ ਧਿਆਨ ਸਰਕਾਰਾਂ ਦੀਆਂ ਨਾਕਾਮੀਆਂ ਤੋਂ ਪਾਸੇ ਨਹੀਂ ਕੀਤਾ ਜਾ ਸਕਦਾ, ਇਸ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਹੋਈ ਕਾਰਵਾਈ ਤੋਂ ਬਾਅਦ ਇਸ ਮਾਮਲੇ ਵਿਚ ਕਿਸੇ ਤਰ੍ਹਾਂ ਦੀ ਦਖ਼ਲਅੰਦਾਜ਼ੀ ਨਾ ਕੀਤੀ ਜਾਵੇ। ਉਨ੍ਹਾਂ ਪ੍ਰਸ਼ਾਸਨਿਕ ਅਧਿਅਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੇ ਸਿਆਸੀ ਹਿੱਤਾਂ ਲਈ ਅਜਿਹੀ ਕਿਸੇ ਵੀ ਕਾਰਵਾਈ ਲਈ ਭਾਗੀਦਾਰ ਨਾ ਬਣਨ।

ਆਵਾਜ਼ਿ ਕੌਮ AWAZE QAUM International Newspaper & WEB TV

## ਜਤਿੰਦਰ ਸਿੰਘ ਸੋਨੂੰ ਵੱਲੋਂ 95ਵੀਂ ਵਾਰ ਕੀਤੇ ਖੂਨ ਦਾਨ ਨੂੰ ਕੀਤਾ ਸ੍ਰੀ ਗੁਰੂ ਤੇਗ. ਬਹਾਦੁਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਹਰੀ ਨਗਰ ਸਰਕਾਰੀ ਹਸਪਤਾਲ ਵਿੱਚ ਅਧੁਨਿਕ ਪਲੇਟਲੈਟਸ ਡੋਨੇਸ਼ਨ ਮਸ਼ੀਨ ਦਾ ਉਦਘਾਟਨ



ਨਵੀਂ ਦਿੱਲੀ, 24 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਦੇ ਹਰੀ ਨਗਰ ਸਥਿਤ ਦੀਨ ਦਿਆਲ ਉਪਾਧਿਆਯ ਸਰਕਾਰੀ ਹਸਪਤਾਲ ਵਿੱਚ ਅਧੁਨਿਕ ਪਲੇਟਲੈਟਸ ਡੋਨੇਸ਼ਨ ਮਸ਼ੀਨ ਦਾ ਉਦਘਾਟਨ ਕੀਤਾ ਗਿਆ। ਇਸ ਮਸ਼ੀਨ ਦੀ ਸਥਾਪਨਾ ਨਾਲ ਸਰਕਾਰੀ ਹਸਪਤਾਲ ਵਿੱਚ ਪਲੇਟਲੈਟਸ ਦਾਨ ਦੀ ਆਧੁਨਿਕ ਸੁਵਿਧਾ ਉਪਲਬਧ ਹੋਵੇਗੀ, ਜੋ ਗੰਭੀਰ ਮਰੀਜ਼ਾਂ ਲਈ ਬਹੁਤ ਲਾਭਦਾਇਕ ਸਾਬਤ ਹੋਵੇਗੀ। ਇਸ ਮੌਕੇ ਦਿੱਲੀ ਕਮੇਟੀ ਦੇ ਮੈਂਬਰ ਅਤੇ ਪ੍ਰਸਿੱਧ ਸਮਾਜਸੇਵੀ ਜਤਿੰਦਰ ਸਿੰਘ ਸੋਨੂੰ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ। ਉਨ੍ਹਾਂ ਨੇ ਨਵੀਂ ਮਸ਼ੀਨ ਰਾਹੀਂ ਆਪਣੀ ਜ਼ਿੰਦਗੀ ਦਾ 95ਵਾਂ ਖੂਨ ਦਾਨ ਕਰਕੇ ਲੋੜਵੰਦਾਂ ਦੀ ਸੇਵਾ ਵਿੱਚ ਇੱਕ ਨਵਾਂ ਰਿਕਾਰਡ ਕਾਇਮ ਕੀਤਾ। ਉਨ੍ਹਾਂ ਦੱਸਿਆ ਕਿ ਹਸਪਤਾਲ ਦੀ ਖ਼ੂਨ ਇਕੱਠਾ ਕਰਨ ਵਾਲੀ ਪੁਰਾਣੀ ਮਸ਼ੀਨ ਪਿਛਲੇ ਤਿੰਨ ਸਾਲਾਂ ਤੋਂ ਖਰਾਬ ਪਈ ਸੀ ਅਤੇ ਨਵੀਂ ਮਸ਼ੀਨ ਦੇ ਮਹੂਰਤ ਲਈ ਉਨ੍ਹਾਂ ਨੂੰ ਸੱਦਾ ਦੇਣਾ ਹਸਪਤਾਲ ਪ੍ਰਸ਼ਾਸਨ ਵੱਲੋਂ ਵੱਡਾ ਮਾਨ ਹੈ। ਜਤਿੰਦਰ ਸਿੰਘ ਸੋਨੂੰ ਨੇ ਖ਼ੂਨ ਦੇ ਨਾਲ-ਨਾਲ ਪਲੇਟਲੈਟਸ ਦਾਨ ਵੀ ਕੀਤਾ, ਜੋ ਕਿ ਸ੍ਰੀ ਗੁਰੂ ਤੇਗ. ਬਹਾਦੁਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਉਹ ਪਿਛਲੇ 28 ਸਾਲਾਂ ਤੋਂ ਮਨੁੱਖੀ ਸੇਵਾਵਾਂ ਨਾਲ ਜੁੜੇ ਹੋਏ ਹਨ ਅਤੇ ਕੋਰੋਨਾ ਕਾਲ ਦੌਰਾਨ ਲਗਭਗ 450 ਯੂਨਿਟ ਖ਼ੂਨ ਇਕੱਠਾ ਕਰਕੇ ਲੋੜਵੰਦ ਮਰੀਜ਼ਾਂ ਤੱਕ ਪਹੁੰਚਾਇਆ ਗਿਆ। ਇਸ ਮੌਕੇ ਉਨ੍ਹਾਂ ਪੰਜਾਬ ਮਨੁੱਖੀ ਅਧਿਕਾਰ ਦੇ ਚੇਅਰਮੈਨ ਸਰਦਾਰ ਜਤਿੰਦਰ ਸਿੰਘ ਸ਼ੰਟੀ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਪ੍ਰੇਰਨਾ ਨਾਲ ਦਿਖਾਏ ਗਏ ਰਾਹ 'ਤੇ ਚੱਲ ਕੇ ਹੀ ਸਾਨੂੰ ਅੱਜ ਇਹ ਮੁਕਾਮ ਹਾਸਲ ਹੋ ਸਕਿਆ ਹੈ। ਇਸ ਕਾਰਜਕ੍ਰਮ ਵਿੱਚ ਡੀਡੀਯੂ ਹਸਪਤਾਲ ਦੇ ਮੈਡੀਕਲ ਡਾਇਰੈਕਟਰ ਡਾ. ਦਾਸ ਅਤੇ ਬਲੱਡ ਬੈਂਕ ਦੀ ਮੁਖੀ ਡਾ. ਮੌਸਮੀ ਦੀ ਗੌਰਵਮਈ ਹਾਜ਼ਰੀ ਰਹੀ। ਇਸ ਦੇ ਨਾਲ ਸ਼ਹੀਦ ਭਗਤ ਸਿੰਘ ਸੇਵਾ ਦਲ ਦੀ ਟੀਮ ਵੱਲੋਂ ਵੀ ਸਰਗਰਮ ਭੂਮਿਕਾ ਨਿਭਾਈ ਗਈ, ਜਿਸ ਵਿੱਚ ਹਰਜੋਤ ਸ਼ਾਹ ਸਿੰਘ, ਜੀਤੂ ਜੀ, ਬਾਵਾ ਜੀ, ਗੁਰਮੀਤ ਜੀ, ਦਵਿੰਦਰ ਅਤੇ ਹੋਰ ਕਈ ਸੇਵਾਦਾਰ ਸ਼ਾਮਲ ਸਨ। ਜਤਿੰਦਰ ਸਿੰਘ ਸੋਨੂੰ ਨੇ ਲੋਕਾਂ ਨੂੰ ਖ਼ੂਨ ਦਾਨ ਲਈ ਅੱਗੇ ਆਉਣ ਦੀ ਅਪੀਲ ਕਰਦਿਆਂ ਦੱਸਿਆ ਕਿ ਇੱਕ ਮਨੁੱਖ ਇੱਕ ਹਫ਼ਤੇ ਵਿੱਚ ਦੋ ਵਾਰ ਪਲੇਟਲੈਟਸ ਅਤੇ ਸਾਲ ਵਿੱਚ ਚਾਰ ਵਾਰ ਖ਼ੂਨ ਦਾਨ ਕਰ ਸਕਦਾ ਹੈ। ਖ਼ੂਨ ਦਾਨ ਨਾਲ ਸਰੀਰ ਨੂੰ ਕੋਈ ਨੁਕਸਾਨ ਨਹੀਂ ਹੁੰਦਾ ਅਤੇ ਚੰਗੀ ਖੁਰਾਕ ਨਾਲ ਕੁਝ ਦਿਨਾਂ ਵਿੱਚ ਖ਼ੂਨ ਮੁੜ ਬਣ ਜਾਂਦਾ ਹੈ। ਉਨ੍ਹਾਂ ਹਸਪਤਾਲ ਦੇ ਪੁਰਾਣੇ ਅਤੇ ਮੌਜੂਦਾ ਸਟਾਫ ਦਾ ਵੀ ਦਿਲੋਂ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**25 ਤੋਂ 27 ਦਸੰਬਰ ਤੱਕ ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼**

# ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਦੀ ਲਾਸਾਨੀ ਸ਼ਹਾਦਤ

ਸ਼ਹੀਦ ਅਰਬੀ ਭਾਸ਼ਾ ਦਾ ਸ਼ਬਦ ਹੈ ਜਿਸ ਦਾ ਅਰਥ ਹੈ ਸ਼ਹਾਦਤ ਦੇਣ ਵਾਲਾ, ਗਵਾਹ। ਸ਼ਹੀਦ ਸੂਰਮੇ, ਅਣਖੀ ਯੋਧੇ ਕਿਸੇ ਕੌਮ ਦਾ ਸਰਮਾਇਆ ਹੁੰਦੇ ਹਨ, ਤਾਂ ਹੀ ਜ਼ਿੰਦਾ ਕੌਮਾਂ ਸ਼ਹੀਦਾਂ ਦੀ ਯਾਦ ਨੂੰ ਆਪਣੇ ਹਿਰਦੇ ਵਿੱਚ ਵਸਾਈ ਰੱਖਦੀਆਂ ਹਨ।





ਸਾਹਿਬ-ਏ-ਕਮਾਲ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ ਸਨ। ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ ਜੀ ਦੋਵੇਂ ਵੱਡੇ ਸਾਹਿਬਜ਼ਾਦੇ ਅਤੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਜੀ ਦੋਵੇਂ ਛੋਟੇ ਸਾਹਿਬਜ਼ਾਦੇ ਸਨ। ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਬਾਬਾ ਜ਼ੋਰਾਵਰ ਸਿੰਘ ਦਾ ਜਨਮ ਮੱਘਰ ਸੁਦੀ 3, ਸੰਮਤ 1753, ਸੰਨ 1696 ਈ: ਤੇ ਬਾਬਾ ਫਤਿਹ ਸਿੰਘ ਜੀ ਦਾ ਜਨਮ ਫੱਗਣ ਸੁਦੀ 7 ਸੰਮਤ 1755, ਸੰਨ 1698 ਈ: ਨੂੰ ਮਾਤਾ ਜੀਤੋ ਜੀ ਦੇ ਉਦਰ ਤੋਂ ਹੋਇਆ।

ਪਿਆਰਾ ਸਿੰਘ ਪਦਮ ਅਨੁਸਾਰ ਬਾਬਾ ਜ਼ੋਰਾਵਰ ਸਿੰਘ ਦਾ ਜਨਮ ਮੱਘਰ ਸੁਦੀ 3 ਸੰਮਤ 1753 ਬਿਕਰਮੀ ਨੂੰ ਮਾਤਾ ਜੀਤੋ ਜੀ ਦੀ ਕੁੱਖੋਂ ਅਨੰਦਪੁਰ ਵਿੱਚ ਹੋਇਆ ਤੇ ਸ਼ਹੀਦੀ 3 ਪੋਹ ਸੰਮਤ 1762 ਬਿਕਰਮੀ ਨੂੰ ਸਰਹਿੰਦ ਵਿਖੇ ਹੋਈ। ਬਾਬਾ ਫਤਿਹ ਸਿੰਘ ਜੀ ਦਾ ਜਨਮ ਫੱਗਣ ਸੁਦੀ ਇਕਾਦਸ਼ੀ 1755 ਬਿਕਰਮੀ ਨੂੰ ਮਾਤਾ ਜੀਤੋ ਜੀ ਦੀ ਕੁੱਖੋਂ ਹੋਇਆ ਅਤੇ ਸ਼ਹੀਦੀ ਸਰਹਿੰਦ ਵਿਖੇ ਹੋਈ। ਕਿਉਂਕਿ ਦੋ-ਦੋ ਸਾਹਿਬਜ਼ਾਦੇ ਇਕੱਠੇ ਸ਼ਹੀਦ ਹੋਏ, ਇਸ ਕਰਕੇ ਇਹਨਾਂ ਨੂੰ 'ਵੱਡੇ ਸਾਹਿਬਜ਼ਾਦੇ' ਤੇ 'ਛੋਟੇ ਸਾਹਿਬਜ਼ਾਦੇ' ਕਹਿ ਕੇ ਵੀ ਯਾਦ ਕੀਤਾ ਜਾਂਦਾ ਹੈ। ਬਾਬਾ ਜ਼ੋਰਾਵਰ ਸਿੰਘ ਜੀ ਦੀ ਸ਼ਹੀਦੀ ਸਮੇਂ ਉਮਰ ਲਗਭਗ 9 ਸਾਲ ਅਤੇ ਬਾਬਾ ਫਤਿਹ ਸਿੰਘ ਜੀ ਦੀ ਉਮਰ ਲਗਭਗ 7 ਸਾਲ ਦੀ ਸੀ। ਲਾਸਾਨੀ ਕੁਰਬਾਨੀ ਦੇ ਕਾਰਨ 'ਬਾਬਾ' ਪਦ ਨਾਲ ਵੀ ਸਨਮਾਨਿਆ ਜਾਂਦਾ ਹੈ ਅਤੇ ਹਰ ਸਿੱਖ ਰੋਜ਼ਾਨਾ ਅਰਦਾਸ ਕਰਨ ਸਮੇਂ ਇਹਨਾਂ ਦਾ ਨਾਮ ਸ਼ਰਧਾ, ਸਤਿਕਾਰ ਨਾਲ ਲੈਂਦਾ ਹੈ।

ਸਾਕਾ ਸਰਹਿੰਦ ਅਤੇ ਇਸ ਨਾਲ ਸੰਬੰਧਿਤ ਘਟਨਾਵਾਂ ਦਾ ਸਿਲਸਿਲਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਅਨੰਦਪੁਰ ਸਾਹਿਬ ਦਾ ਕਿਲ੍ਹਾ ਖ਼ਾਲੀ ਕਰਨ ਨਾਲ ਸ਼ੁਰੂ ਹੁੰਦਾ ਹੈ। ਗੁਰੂ ਸਾਹਿਬ ਨੇ 19-20 ਦਸੰਬਰ, 5-6 ਪੋਹ 1704 ਈ: ਦੀ ਰਾਤ ਨੂੰ ਆਪਣੇ ਪਰਿਵਾਰ ਅਤੇ ਲਗਭਗ 1200 ਦੇ ਕਰੀਬ ਸਿੱਖਾਂ ਸਮੇਤ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਕੇ ਜਦ ਕੀਰਤਪੁਰ ਸਾਹਿਬ ਤੋਂ ਹੋ ਕੇ ਸਰਸਾ ਨਦੀ ਕੋਲ ਪਹੁੰਚੇ ਤਾਂ ਮੁਗ਼ਲ ਸੈਨਾ ਨੇ ਪਿਛਿਓਂ ਆ ਕੇ ਇੱਕ ਦਮ ਹਮਲਾ ਕਰ ਦਿੱਤਾ। ਘਮਸਾਨ ਦਾ ਯੁੱਧ ਹੋਇਆ। ਸਿੰਘਾਂ ਨੇ ਬੜੀ ਬਹਾਦਰੀ ਨਾਲ ਮੁਗ਼ਲ ਸੈਨਾ ਦਾ ਟਾਕਰਾ ਕੀਤਾ। ਗੁਰੂ ਜੀ ਨੇ ਸਰਸਾ ਨਦੀ ਪਾਰ ਕੀਤੀ। ਅੰਮ੍ਰਿਤ ਵੇਲੇ ਭਾਵ 20 ਦਸੰਬਰ 1704 ਈ: (ਸ੍ਰ: ਕੁਲਬੀਰ ਸਿੰਘ ਸਿੱਧੂ ਸਾਬਕਾ ਆਈ.ਏ.ਐਸ ਨੇ ਆਪਣੀ ਪੁਸਤਕ "ਮਾਨਵਤਾ ਦਾ ਪ੍ਰਣਾਮ ਸਰਬੰਸਦਾਨੀ ਦੇ ਨਾਮ" ਵਿੱਚ ਸੰਨ 1705 ਦਿੱਤਾ ਹੈ।) ਨੂੰ ਸਵੇਰੇ ਪਰਿਵਾਰ ਵਿਛੋੜਾ ਹੋ ਗਿਆ। ਗੁਰੂ ਜੀ, ਵੱਡੇ ਸਾਹਿਬਜ਼ਾਦੇ ਤੇ ਕਈ ਸਿੰਘ ਚਮਕੌਰ ਵੱਲ ਚਲੇ ਗਏ। ਇਸ ਮੌਕੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਜੀ ਵਹੀਰ ਨਾਲੋਂ ਅਲੱਗ ਹੋ ਜਾਂਦੇ ਹਨ। ਗੰਗੂ ਬ੍ਰਾਹਮਣ ਉਹਨਾਂ ਨੂੰ ਆਪਣੇ ਪਿੰਡ ਸਹੇੜੀ ਨੇੜੇ ਮੋਰਿੰਡਾ ਆਪਣੇ ਘਰ ਲੈ ਗਿਆ ਤੇ ਆਰਾਮ ਕਰਨ ਲਈ ਇੱਕ ਕਮਰਾ ਦਿੱਤਾ। ਗੰਗੂ ਬ੍ਰਾਹਮਣ ਆਖਰ ਇੱਕ ਨੌਕਰ ਸੀ, ਉਹ ਗੁਰੂ ਘਰ ਦਾ ਸਿੱਖ ਨਹੀਂ ਸੀ। ਇੱਥੇ ਉਸ ਨੇ ਸਭ ਤੋਂ ਵੱਡਾ ਗੁਨਾਹ ਇਹ ਕੀਤਾ ਕਿ ਪਹਿਲਾਂ ਤਾਂ ਮਾਤਾ ਗੁਜਰੀ ਜੀ ਕੋਲ ਜੋ ਕੁਝ ਨਕਦੀ ਅਤੇ ਸੋਨਾ ਸੀ, ਉਹ ਰਾਤ ਨੂੰ ਚੋਰ ਬਣ ਕੇ ਚੋਰੀ ਕਰ ਲਿਆ ਤੇ ਸਵੇਰੇ ਚੋਰੀ ਹੋਣ ਦਾ ਡਰਾਮਾ ਰਚਿਆ। ਮਾਤਾ ਜੀ ਤਾਂ ਗੰਗੂ ਦੇ ਮਨ ਦੀ ਮਰਜ਼ੀ ਨੂੰ ਪਹਿਲਾਂ ਹੀ ਸਮਝ ਗਏ ਸਨ ਪਰ ਇਹ ਘੋਰ ਵਿਸ਼ਵਾਸਘਾਤ ਹੈ। ਗੰਗੂ ਵੱਲੋਂ ਮੁਖਬਰੀ ਕਰਨ 'ਤੇ ਮੋਰਿੰਡੇ ਦਾ ਕੋਤਵਾਲ (ਥਾਣੇਦਾਰ) 9 ਪੋਹ 23 ਦਸੰਬਰ ਨੂੰ ਮਾਤਾ ਗੁਜਰੀ ਅਤੇ ਦੋਵੇ ਸਾਹਿਬਜ਼ਾਦਿਆਂ ਨੂੰ ਗ੍ਰਿਫ਼ਤਾਰ ਕਰਕੇ ਸਰਹਿੰਦ ਲੈ ਗਿਆ ਅਤੇ ਸਰਹਿੰਦ ਦੇ ਸੂਬੇਦਾਰ ਵਜ਼ੀਰ ਖਾਂ ਦੇ ਹਵਾਲੇ ਕਰ ਦਿੱਤਾ। ਮਾਤਾ ਜੀ ਤੇ ਛੋਟੇ ਸਾਹਿਬਜ਼ਾਦਿਆਂ ਨੂੰ ਅਗਲੀ ਕਾਰਵਾਈ ਤੱਕ ਕਿਲ੍ਹੇ ਦੇ ਠੰਡੇ ਬੁਰਜ ਵਿੱਚ ਕੈਦ ਕੀਤਾ ਗਿਆ। ਗੁਰੂ ਘਰ ਦਾ ਸੱਚਾ ਸ਼ਰਧਾਲੂ ਬਾਬਾ ਮੋਤੀ ਰਾਮ ਮਹਿਰਾ ਨੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਰਾਤ ਨੂੰ ਠੰਡੇ ਬੁਰਜ ਵਿੱਚ ਦਾਖ਼ਲ ਹੋ ਕੇ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨੂੰ ਦੁੱਧ ਛਕਾਇਆ।

ਅਗਲੇ ਦਿਨ 10 ਪੋਹ (24 ਦਸੰਬਰ) ਨੂੰ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖਾਂ ਦੇ ਹੁਕਮ ਨਾਲ ਉਸ ਦੀ ਕਚਹਿਰੀ ਵਿੱਚ ਪੇਸ਼ ਕੀਤਾ ਗਿਆ। ਸੂਬੇਦਾਰ ਨੇ ਬੱਚਿਆਂ ਨੂੰ ਇਸਲਾਮ ਕਬੂਲ ਕਰਨ ਲਈ ਕਿਹਾ ਅਤੇ ਕਈ ਤਰ੍ਹਾਂ ਦੇ ਲਾਲਚ ਦਿੱਤੇ ਪਰ ਸਾਹਿਬਜ਼ਾਦਿਆਂ ਨੇ ਸਭ ਕੁਝ ਠੁਕਰਾ ਦਿੱਤਾ। 11 ਪੋਹ (25 ਦਸੰਬਰ) ਨੂੰ ਸਾਹਿਬਜ਼ਾਦਿਆਂ ਨੂੰ ਦੁਬਾਰਾ ਫਿਰ ਕਚਹਿਰੀ ਵਿੱਚ ਪੇਸ਼ ਕੀਤਾ ਗਿਆ।

ਕੁਝ ਇਤਿਹਾਸਕਾਰਾਂ ਨੇ ਇੱਕ ਹੋਰ ਘਟਨਾ ਲਿਖੀ ਹੈ:- ਨਵਾਬ ਦੇ ਅਹਿਲਕਾਰਾਂ ਨੇ ਇੱਕ ਗੋਂਦ (ਵਿਉਂਤ, ਤਜ਼ਵੀਜ਼) ਅਨੁਸਾਰ ਕਚਹਿਰੀ ਦਾ ਵੱਡਾ ਦਰਵਾਜ਼ਾ ਬੰਦ ਕਰ ਦਿੱਤਾ ਤੇ ਸਾਹਿਬਜ਼ਾਦਿਆਂ ਦੇ ਲੰਘਣ ਵਾਸਤੇ ਛੋਟੀ ਜਿਹੀ ਬਾਰੀ ਖੁੱਲ੍ਹੀ ਰੱਖੀ। ਵਿਉਂਤ ਇਹ ਸੀ ਕਿ ਅੰਦਰ ਦਾਖ਼ਲ ਹੋਣ ਲੱਗੇ ਸਾਹਿਬਜ਼ਾਦੇ ਸਿਰ ਝੁਕਾ ਕੇ ਲੰਘਣਗੇ ਤਾਂ ਸਾਰੇ ਦਰਬਾਰੀ ਰੌਲਾ ਪਾ ਦੇਣਗੇ, ਕਿ ਸਾਹਿਬਜ਼ਾਦੇ ਨਵਾਬ ਨੂੰ ਸਲਾਮ ਕਰ ਰਹੇ ਹਨ।

ਦੋ ਸਿਪਾਹੀ, ਸਾਹਿਬਜ਼ਾਦਿਆਂ ਨੂੰ ਲੈਣ ਵਾਸਤੇ ਗਏ। ਪੋਤਰਿਆਂ ਨੂੰ ਵਿਦਾ ਕਰਦਿਆਂ ਮਾਤਾ ਗੁਜਰੀ ਜੀ ਨੇ ਏਨਾ ਕਿਹਾ, "ਮੇਰੇ ਲਾਲ ! ਏਨੀ ਗੱਲ ਯਾਦ ਰੱਖਣੀ ਕਿ ਤੁਸੀਂ ਗੁਰੂ ਗੋਬਿੰਦ ਸਿੰਘ ਜੀ ਦੇ ਪੁੱਤਰ ਤੇ ਗੁਰੂ ਤੇਗ਼ ਬਹਾਦਰ ਜੀ ਦੇ ਪੋਤਰੇ ਹੋ। ਮਰਦਾਂ ਵਾਂਗ ਅਡੋਲ ਰਹਿਣਾ। ਜ਼ਾਲਮ ਸਾਹਮਣੇ ਝੁਕਣਾ ਨਹੀਂ, ਗੱਜ ਕੇ ਫਤਹਿ ਬੁਲਾਉਣੀ।" ਸਾਰੇ ਰਾਹ ਸਿਪਾਹੀ ਧਮਕੀਆਂ ਦਿੰਦੇ ਗਏ ਕਿ ਨਵਾਬ ਸਾਹਿਬ ਨੂੰ ਝੁਕ ਕੇ ਸਲਾਮ ਕਰਨਾ, ਨਹੀਂ ਤਾਂ ਅਣਿਆਈ ਮੌਤ ਮਾਰੇ ਜਾਓਗੇ। ਇਸ ਸਿੱਖਿਆ ਦਾ ਅਸਰ ਸਾਹਿਬਜ਼ਾਦਿਆਂ ਦੇ ਮਨ ਤੇ ਉਲਟਾ ਹੀ ਹੋਇਆ। ਅੱਗੇ ਜਾਂਦਿਆਂ ਨੂੰ ਸਿਰਫ ਛੋਟੀ ਬਾਰੀ ਖੁੱਲ੍ਹੀ ਵੇਖ ਕੇ ਸਾਹਿਬਜ਼ਾਦੇ ਵੈਰੀ ਦੀ ਚਾਲ ਨੂੰ ਕੁਝ-ਕੁਝ ਸਮਝ ਗਏ। ਉਹਨਾਂ ਨੂੰ ਮਾਤਾ ਗੁਜਰੀ ਦੀ ਸੁਣਾਈ ਹੋਈ ਸਾਖੀ ਯਾਦ ਆ ਗਈ। ਵੱਡੇ ਭਰਾ (ਬਾਬਾ ਜ਼ੋਰਾਵਰ ਸਿੰਘ) ਨੇ ਛੋਟੇ (ਬਾਬਾ ਫਤਿਹ ਸਿੰਘ) ਦੇ ਕੰਨ ਵਿੱਚ ਕੁਝ ਸਮਝਾਇਆ। ਸਿਪਾਹੀ ਨੇ ਕੜਕ ਕੇ ਕਿਹਾ, "ਐਧਰ ਵੇਖੋ ! ਜਿਸ ਤਰ੍ਹਾਂ ਅਗਲਾ ਸਿਪਾਹੀ ਸਲਾਮ ਕਰਦਾ ਹੋਇਆ ਕਚਹਿਰੀ ਵਿੱਚ ਦਾਖ਼ਲ ਹੁੰਦਾ ਹੈ, ਉਸੇ ਤਰ੍ਹਾਂ ਸਲਾਮ ਕਰਨਾ ਹੋਵੇਗਾ।" ਇਸ ਢੰਗ ਨਾਲ ਸਾਹਿਬਜ਼ਾਦਿਆਂ ਨੂੰ ਪ੍ਰੇਰਨਾ ਦੇਣ ਵਾਸਤੇ ਇੱਕ ਸਿਪਾਹੀ ਉਹਨਾਂ ਦੇ ਅੱਗੇ-ਅੱਗੇ ਬਾਰੀ ਵਿੱਚ ਦੀ ਸਿਰ ਝੁਕਾ ਕੇ ਸਲਾਮ ਕਰਦਾ ਹੋਇਆ ਲੰਘਿਆ। ਉਹਨਾਂ ਦਾ ਖ਼ਿਆਲ ਸੀ ਕਿ ਵੇਖੋ ਵੇਖੀ ਸਾਹਿਬਜ਼ਾਦੇ ਵੀ ਉਸੇ ਤਰ੍ਹਾਂ ਕਰਨਗੇ।

ਸਾਹਿਬਜ਼ਾਦਾ ਜ਼ੋਰਾਵਰ ਸਿੰਘ ਛੋਟੇ ਭਰਾ ਦੇ ਅੱਗੇ ਚੱਲ ਪਿਆ। ਉਸ ਨੇ ਪਹਿਲਾਂ ਬਾਰੀ ਵਿੱਚੋਂ ਪੈਰ ਲੰਘਾਏ ਤੇ ਫਿਰ ਸਿਰ ਲੰਘਾਇਆ। ਵੱਡੇ ਭਰਾ ਵੱਲ ਵੇਖ ਕੇ ਛੋਟੇ ਨੇ ਵੀ ਉਸੇ ਤਰ੍ਹਾਂ ਕੀਤਾ। ਨਵਾਬ ਦੇ ਸਾਹਮਣੇ ਨਿਧੜਕ ਖੜ੍ਹੇ ਹੋ ਕੇ ਦੋਹਾਂ ਸਾਹਿਬਜ਼ਾਦਿਆਂ ਨੇ ਗੱਜ ਕੇ ਫਤਿਹ ਬੁਲਾਈ। ਸੁਣ ਕੇ ਸਾਰੇ ਦਰਬਾਰੀ ਦੰਗ ਰਹਿ ਗਏ। ਗੁੱਸੇ ਨਾਲ ਬਹੁਤਿਆਂ ਦੇ ਮੱਥੇ ਉੱਤੇ ਵੱਟ ਪੈ ਗਏ। "ਤੁਹਾਨੂੰ ਸਮਝ ਨਹੀਂ ਕਿ ਮੁਲਜ਼ਮ ਨੂੰ ਕਿਵੇਂ ਪੇਸ਼ ਕੀਤਾ ਜਾਂਦਾ ਹੈ। ਵਜ਼ੀਰ ਖਾਂ ਨੇ ਮੱਥੇ 'ਤੇ ਤਿਊੜੀਆਂ ਪਾ ਕੇ ਲਿਆਉਣ ਵਾਲੇ ਸਿਪਾਹੀਆਂ ਨੂੰ ਕਿਹਾ। ਜਨਾਬ ! ਅਸੀਂ ਤਾਂ ਸਾਰੇ ਰਸਤੇ ਇਹਨਾਂ ਨੂੰ ਸਮਝਾਉਂਦੇ ਆਏ ਹਾਂ, ਪਰ ਇਹ....। ਸਿਪਾਹੀਆਂ ਨੇ ਆਪਣਾ ਪੱਖ ਪੇਸ਼ ਕੀਤਾ।"

ਆਵਾਜ਼ਿ ਕੌਮ AWAZE QAUM International Newspaper & WEB TV

ਵਜ਼ੀਰ ਖਾਂ ਦਾ ਪੇਸ਼ਕਾਰ (ਮੁਨਸ਼ੀ) ਇੱਕ ਹਿੰਦੂ, ਸੁੱਚਾ ਨੰਦ ਸੀ। ਉਸ ਨੇ ਸਾਹਿਬਜ਼ਾਦਿਆਂ ਨੂੰ ਪਲੋਸਦਿਆਂ ਬੜੀ ਮਿੱਠੀ ਸੁਰ ਵਿੱਚ ਕਿਹਾ, "ਬਾਲਕੋ ! ਮੈਂ ਹਿੰਦੂ ਹਾਂ। ਤੁਹਾਡੇ ਨਾਲ ਮੈਨੂੰ ਹਮਦਰਦੀ ਹੈ। ਜਾਣਦੇ ਓ, ਤੁਹਾਡੇ ਪਿਤਾ ਜੀ, ਤੇ ਦੋਵੇਂ ਵੱਡੇ ਭਰਾ ਚਮਕੌਰ ਵਿਖੇ ਸਾਰੇ ਸਿੱਖਾਂ ਸਮੇਤ ਮਾਰੇ ਗਏ ਹਨ। ਗੁਸਤਾਖ਼ੀ ਕਰੋਗੇ ਤਾਂ ਤੁਸੀਂ ਵੀ ਮਾਰੇ ਜਾਓਗੇ। ਨਵਾਬ ਸਾਹਿਬ ਬੜੇ ਰਹਿਮ-ਦਿਲ ਹਨ। ਸਲਾਮ ਕਰਕੇ ਹਜ਼ੂਰ ਤੋਂ ਮਾਫ਼ੀ ਮੰਗ ਲਉ। ਨਹੀਂ ਤਾਂ ਬੜੇ ਤਸੀਹੇ ਦੇ ਕੇ ਮਾਰੇ ਜਾਓਗੇ।" ਸਾਹਿਬਜ਼ਾਦਾ ਜ਼ੋਰਾਵਰ ਸਿੰਘ ਨੇ ਬੜੇ ਨਿਧੜਕ ਤੇ ਨਿਰਭੈਤਾ ਨਾਲ ਸੁੱਚਾ ਨੰਦ ਵੱਲ ਵੇਖਦਿਆਂ ਕਿਹਾ, "ਸਾਡੇ ਪਿਤਾ ਜੀ ਨੂੰ ਕੋਈ ਮਾਰ ਨਹੀਂ ਸਕਦਾ ਅਤੇ ਨਾ ਹੀ ਕਿਸੇ ਤੋਂ ਅਸੀਂ ਡਰਦੇ ਹਾਂ। ਅਸੀਂ ਫਤਿਹ ਬੁਲਾਈ ਹੈ ਤੇ ਫਤਿਹ ਬੁਲਾਉਂਦੇ ਰਹਾਂਗੇ। ਦੁੱਖਾਂ ਤਸੀਹਿਆਂ ਤੋਂ ਡਰਨ ਵਾਲੇ ਅਸੀਂ ਨਹੀਂ। ਜੋ ਤੁਹਾਡਾ ਦਿਲ ਆਵੇ, ਕਰ ਲਵੋ।" ਇਸ ਦਲੇਰੀ ਭਰੇ ਉੱਤਰ ਨੇ ਸਭ ਨੂੰ ਹੈਰਾਨ ਕਰ ਦਿੱਤਾ।

ਇੱਕ ਪਾਸੇ ਸਾਹਿਬਜ਼ਾਦਿਆਂ ਨੂੰ ਰੱਜ ਕੇ ਧਮਕਾਇਆ ਗਿਆ ਤੇ ਦੂਸਰੇ ਪਾਸੇ ਹਰ ਤਰ੍ਹਾਂ ਦੇ ਲਾਲਚ ਵਿਖਾਏ ਗਏ। ਜਾਗੀਰਾਂ, ਨਵਾਬੀਆਂ ਤੇ ਅਣਡਿੱਠੇ ਬਹਿਸਤ (ਸਵਰਗ) ਦੇ ਲਾਰੇ ਲਾਏ ਗਏ, ਪਰ ਉਹ ਬੀਰ-ਬਾਲਕ ਕਿਸੇ ਝਾਂਸੇ ਵਿੱਚ ਨਾ ਆਏ। ਅੰਤ ਗੁੱਸੇ ਵਿੱਚ ਆ ਕੇ ਵਜ਼ੀਰ ਖਾਂ ਨੇ ਕਿਹਾ, "ਬੇ-ਸਮਝ ਬਾਲਕੋ ! ਮੇਰੀ ਆਖਰੀ ਸ਼ਰਤ ਸੁਣ ਲਵੋ, ਜਾਂ ਇਸਲਾਮ ਪ੍ਰਵਾਨ ਕਰ ਲਵੋ, ਨਹੀਂ ਤਾਂ ਸਖ਼ਤ ਤਸੀਹੇ ਦੇ ਕੇ ਮਾਰੇ ਜਾਓਗੇ।" "ਅਸੀਂ ਮੌਤ ਜਾਂ ਦੁੱਖਾਂ ਤਸੀਹਿਆਂ ਤੋਂ ਡਰਨ ਵਾਲੇ ਨਹੀਂ। ਆਪਣੇ ਦਾਦੇ ਵਾਂਗ ਸ਼ਹੀਦ ਹੋ ਜਾਵਾਂਗੇ ਪਰ ਤੇਰਾ ਦੀਨ ਨਹੀਂ ਮੰਨਾਂਗੇ।" ਸਾਹਿਬਜ਼ਾਦਿਆਂ ਨੇ ਉਸੇ ਤਰ੍ਹਾਂ ਹੀ ਦਲੇਰੀ ਨਾਲ ਉੱਤਰ ਦਿੱਤਾ।

ਉਸ ਵੇਲੇ ਕਚਹਿਰੀ ਵਿੱਚ ਸ਼ੇਰ ਮੁਹੰਮਦ ਖਾਂ ਮਲੇਰਕੋਟਲਾ ਵਾਲਾ ਵੀ ਬੈਠਾ ਸੀ। ਵਜ਼ੀਰ ਖ਼ਾਨ ਨੇ ਉਸ ਨੂੰ ਸੰਬੋਧਨ ਕਰਕੇ ਕਿਹਾ, "ਖ਼ਾਨ ਸਾਹਿਬ ! ਚਮਕੌਰ ਵਿੱਚ ਗੁਰੂ ਜੀ ਨੇ ਤੁਹਾਡੇ ਭਰਾ ਨਾਹਰ ਖਾਂ ਨੂੰ ਕਤਲ ਕੀਤਾ ਸੀ। ਤੁਸੀਂ ਇਹਨਾਂ ਦੋਹਾਂ ਨੂੰ ਕਤਲ ਕਰਕੇ ਭਰਾ ਦਾ ਬਦਲਾ ਲੈ ਲਵੋ ।" ਨਵਾਬ ਸਾਹਿਬ ! ਮੇਰੇ ਭਰਾ- ਭਤੀਜੇ ਮੈਦਾਨ ਵਿੱਚ ਲੜਦੇ ਹੋਏ ਮਾਰੇ ਗਏ ਹਨ । ਅੱਜ ਵੀ ਗੁਰੂ ਮੇਰੇ ਸਾਹਮਣੇ ਆ ਜਾਏ ਤਾਂ ਮੈਂ ਮਰਦਾਂ ਵਾਂਗ ਮੈਦਾਨ ਵਿੱਚ ਉਸ ਤੋਂ ਬਦਲਾ ਲਵਾਂਗਾ । ਇਹਨਾਂ ਮਸੂਮ ਬੱਚਿਆਂ ਨੂੰ ਇਹਨਾਂ ਦੇ ਪਿਤਾ ਦੀ ਕੀਤੀ ਦੀ ਸਜ਼ਾ ਨਹੀਂ ਦਿੱਤੀ ਜਾ ਸਕਦੀ । ਇਹ ਬੇਗੁਨਾਹ ਹਨ। ਇਸਲਾਮੀ ਸ਼ਰ੍ਹਾ ਵਿੱਚ ਮਾਸੂਮ ਤੇ ਬੇਗੁਨਾਹ ਬੱਚਿਆਂ ਨੂੰ ਮਾਰਨਾ ਪਾਪ ਹੈ । ਮੇਰੀ ਸਲਾਹ ਹੈ, ਇਹਨਾਂ ਨੂੰ ਛੱਡ ਦੇਣਾ ਚਾਹੀਦਾ ਹੈ।" ਆਹ ਦਾ ਨਾਅਰਾ ਮਾਰ ਕੇ ਸ਼ੇਰ ਮੁਹੰਮਦ ਖਾਂ ਕਚਹਿਰੀ ਵਿੱਚੋਂ ਉੱਠ ਕੇ ਚਲਾ ਗਿਆ।

ਸ਼ੇਰ ਮੁਹੰਮਦ ਖਾਂ ਦੀ ਰਾਏ ਦੀ ਕਿਸੇ ਪ੍ਰਵਾਹ ਨਾ ਕੀਤੀ । ਸਾਹਿਬਜ਼ਾਦਿਆਂ ਨੂੰ ਸਜ਼ਾ ਦੇਣ ਵਾਸਤੇ ਕਚਹਿਰੀ ਦੇ ਹਾਤੇ ਵਿੱਚ ਹੀ ਕੰਧ ਉਸਾਰਨ ਦਾ ਪ੍ਰਬੰਧ ਕੀਤਾ ਗਿਆ । ਕੰਧ ਗਰਦਨ ਤੱਕ ਆ ਗਈ । ਦੋਵੇਂ ਸਾਹਿਬਜ਼ਾਦੇ ਬੇਹੋਸ਼ ਹੋ ਕੇ ਇੱਕ ਪਾਸੇ ਉਲਰ ਪਏ । ਉਹਨਾਂ ਦੇ ਭਾਰ ਨਾਲ ਉਸ ਪਾਸਿਓਂ ਕੰਧ ਵੀ ਡਿੱਗ ਪਈ । ਕਈ ਵਿਦਵਾਨਾਂ ਨੇ ਲਿਖਿਆ ਹੈ ਕਿ ਕੰਧ ਉਸਾਰਨ ਦਾ ਮਕਸਦ ਸਾਹਿਬਜ਼ਾਦਿਆਂ ਨੂੰ ਡਰਾਉਣਾ ਹੀ ਸੀ । ਪ੍ਰਸਿੱਧ ਵਿਦਵਾਨ ਤੇ ਖੋਜੀ ਪ੍ਰੋਫ਼ੈਸਰ ਹਰਬੰਸ ਸਿੰਘ ਨੇ ਆਪਣੀ ਪੁਸਤਕ "ਗੁਰੂ ਗੋਬਿੰਦ ਸਿੰਘ ਜੀ" ਦੇ ਪੰਨਾ 12 ਉੱਤੇ ਲਿਖਿਆ ਹੈ ਕਿ "ਇਸੇ ਬੇਹੋਸ਼ੀ ਦੀ ਹਾਲਤ ਵਿੱਚ ਸਾਹਿਬਜ਼ਾਦਿਆਂ ਨੂੰ ਵਾਪਸ ਜੇਲ੍ਹ ਵਿੱਚ ਲੈ ਜਾਇਆ ਗਿਆ। ਜਿੱਥੇ ਕੁਝ ਸਮੇਂ ਬਾਅਦ ਉਹ ਹੋਸ਼ ਵਿੱਚ ਆ ਗਏ।" ਉਹਨਾਂ ਨੇ ਕਚਹਿਰੀ ਵਿੱਚ ਹੋਈ ਬੀਤੀ ਸਾਰੀ ਵਾਰਤਾ ਮਾਤਾ ਗੁਜਰੀ ਜੀ ਨੂੰ ਕਹਿ ਸੁਣਾਈ। ਅਗਲੇ ਦਿਨ 12 ਪੋਹ (26 ਦਸੰਬਰ) ਨੂੰ ਚੁੱਪ ਵਰਤੀ । ਵਜ਼ੀਰ ਖਾਂ ਦੇ ਅਹਿਲਕਾਰਾਂ (ਸਿਪਾਹੀਆਂ) ਨੇ ਮਾਤਾ ਗੁਜਰੀ ਨੂੰ ਸੋਚਣ ਲਈ ਇੱਕ ਦਿਨ ਦੀ ਮੁਹਲਤ ਦਿੱਤੀ । ਆਪ ਇਸਲਾਮ ਕਬੂਲ ਕਰਕੇ ਆਪਣੀ ਅਤੇ ਬੱਚਿਆਂ ਦੀ ਜਾਨ ਬਚਾ ਸਕਦੇ ਹੋ। 13 ਪੋਹ (27 ਦਸੰਬਰ) ਨੂੰ ਸਾਹਿਬਜ਼ਾਦਿਆਂ ਨੂੰ ਸ਼ਹੀਦ ਕਰਨ ਵਾਸਤੇ ਕਚਹਿਰੀ ਵਿੱਚ ਪੇਸ਼ ਕੀਤਾ ਗਿਆ। ਸੂਬੇਦਾਰ ਨੇ ਕਈ ਤਰ੍ਹਾਂ ਦੇ ਸਾਹਿਬਜ਼ਾਦਿਆਂ ਨੂੰ ਸਵਾਲ ਕੀਤੇ ਤੇ ਲਾਲਚ ਦਿੱਤੇ ਪਰ ਸਾਹਿਬਜ਼ਾਦੇ ਸ਼ਾਂਤ ਤੇ ਅਡੋਲ ਰਹੇ । ਸੂਬੇਦਾਰ ਨੇ ਆਪਣੀ ਹਾਰ ਦੇਖ ਕੇ ਸਾਹਿਬਜ਼ਾਦਿਆਂ ਦੇ ਸਿਰ ਕਲਮ ਕਰਨ ਦਾ ਹੁਕਮ ਦੇ ਦਿੱਤਾ। ਕੋਈ ਵੀ ਜਲਾਦ ਇਸ ਅੱਤ ਦੇ ਜ਼ੁਲਮ ਵਾਸਤੇ ਤਿਆਰ ਨਹੀਂ ਸੀ ਸਮਾਣੇ ਦੇ ਦੋ ਜਲਾਦ ਸ਼ਾਸ਼ਲ ਬੇਗ ਤੇ ਬਾਸ਼ਲ ਬੇਗ ਕਿਸੇ ਮੁਕੱਦਮੇ ਵਿੱਚ ਫਸੇ ਹੋਏ ਸਨ । ਉਹਨਾਂ ਉੱਠ ਕੇ ਸੂਬੇਦਾਰ ਨੂੰ ਬੇਨਤੀ ਕੀਤੀ, "ਜੇਕਰ ਸਾਡਾ ਜ਼ੁਰਮ ਮਾਫ਼ ਕਰ ਦਿੱਤਾ ਜਾਵੇ ਤਾਂ ਅਸੀਂ ਇਹ ਕੰਮ ਕਰਨ ਵਾਸਤੇ ਤਿਆਰ ਹਾਂ।" ਉਹਨਾਂ ਦੀ ਇਹ ਬੇਨਤੀ ਮੰਨ ਲਈ ਗਈ । ਜਲਾਦਾਂ ਨੇ ਸਾਹਿਬਜ਼ਾਦਿਆਂ ਦੇ ਸਿਰ ਧੜ ਨਾਲੋਂ ਵੱਖ ਕਰ ਦਿੱਤੇ । ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਨੇ ਵੀ ਸਾਹਿਬਜ਼ਾਦਿਆਂ ਦੇ ਸਿਰ ਕਲਮ ਕੀਤੇ ਗਏ ਦੱਸਿਆ ਹੈ । ਸਿੱਖ ਪੰਥ ਦਾ ਮਹਾਨ ਵਿਦਵਾਨ ਰਤਨ ਸਿੰਘ ਭੰਗੂ 'ਪ੍ਰਾਚੀਨ ਪੰਥ ਪ੍ਰਕਾਸ਼' ਵਿੱਚ ਲਿਖਦਾ ਹੈ ।

**ਦੈ ਗੋਡੇ ਹੇਠ, ਕਰ ਜ਼ਿਬਹ ਡਾਰੋ ।।**
**ਤੜਫ ਤੜਫ ਗਈ ਜਿੰਦ ਉਡਾਇ ।।**

(ਜ਼ਿਬਹ, ਅਰਬੀ ਭਾਸ਼ਾ ਦਾ ਸ਼ਬਦ ਹੈ, ਜਿਸ ਦਾ ਅਰਥ ਹੈ ਛੁਰੀ ਨਾਲ ਹਲਾਲ ਕਰਨਾ) ਕਈ ਲੇਖਕਾਂ ਨੇ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕੀਤਾ ਗਿਆ ਲਿਖਿਆ ਹੈ। ਅਨੇਕਾਂ ਚਿੱਤਰਕਾਰਾਂ ਨੇ ਵੀ ਸਾਹਿਬਜ਼ਾਦਿਆਂ ਨੂੰ ਨੀਹਾਂ ਵਿੱਚ ਚਿਣਦਿਆਂ ਦੀਆਂ ਤਸਵੀਰਾਂ ਬਣਾਈਆਂ ਹਨ /ਤਿਆਰ ਕੀਤੀਆਂ ਹਨ । ਜਦੋਂ ਮਾਤਾ ਗੁਜਰੀ ਜੀ ਨੇ ਸਾਹਿਬਜ਼ਾਦਿਆਂ ਦੀ ਖ਼ਬਰ ਸੁਣੀ ਤਾਂ ਉਹ ਬੇਹੋਸ਼ ਹੋ ਗਏ ਤੇ ਦੁਬਾਰਾ ਹੋਸ਼ ਵਿੱਚ ਨਾ ਆਏ।

ਗੁਰੂ ਘਰ ਦੇ ਅਨਿੰਨ ਸੇਵਕ ਦੀਵਾਨ ਟੋਡਰ ਮੱਲ ਨੇ ਤਿੰਨ ਸ਼ਹੀਦਾਂ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਿਹ ਸਿੰਘ ਜੀ ਤੇ ਮਾਤਾ ਗੁਜਰੀ ਜੀ ਦਾ ਸਸਕਾਰ ਕਰਨ ਲਈ 78,000 ਸੋਨੇ ਦੀਆਂ ਮੋਹਰਾਂ ਖੜ੍ਹੀਆਂ ਜ਼ਮੀਨ ਤੇ ਵਿਛਾ ਕੇ ਮੁਸਲਿਮ ਬਾਦਸ਼ਾਹ ਤੋਂ ਜ਼ਮੀਨ ਖਰੀਦੀ । ਸੋਨੇ ਦੀ ਕੀਮਤ ਦੇ ਮੁਤਾਬਕ ਇਸ ਚਾਰ ਸਕੇਅਰ ਮੀਟਰ ਜ਼ਮੀਨ ਦੀ ਕੀਮਤ ਦੋ ਅਰਬ ਪੰਜਾਹ ਕਰੋੜ ਰੁਪਏ ਬਣਦੀ ਹੈ। ਜਿੱਥੇ ਸਾਹਿਬਜ਼ਾਦਿਆਂ ਨੇ ਸ਼ਹੀਦੀ ਦਿੱਤੀ ਸੀ, ਉਥੇ ਅੱਜ-ਕੱਲ੍ਹ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਸਥਿਤ ਹੈ। ਜਿੱਥੇ ਮਾਤਾ ਗੁਜਰ ਕੌਰ ਅਤੇ ਛੋਟੇ ਸਾਹਿਬਜ਼ਾਦਿਆਂ ਦਾ ਸਸਕਾਰ ਕੀਤਾ ਗਿਆ, ਉੱਥੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਸਥਾਪਿਤ ਹੈ। ਇਹ ਗੁਰਦੁਆਰਾ ਸਰਹਿੰਦ-ਚੂੰਗੀ ਸੜਕ 'ਤੇ ਸਥਿਤ ਹੈ । ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਸਰਹਿੰਦ-ਮੋਰਿੰਡਾ ਸੜਕ 'ਤੇ ਸਥਿਤ ਹੈ ।

ਛੋਟੇ ਸਾਹਿਬਜ਼ਾਦਿਆਂ ਦੀ ਯਾਦ 'ਚ ਸਥਾਪਿਤ ਗੁਰਦੁਆਰਾ ਫਤਿਹਗੜ੍ਹ ਸਾਹਿਬ ਦੀ ਸ਼ਹੀਦੀ ਸਭਾ ਮੌਕੇ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਪੁੱਜਦੀਆਂ ਹਨ । ਹਰ ਸਾਲ ਜਦੋਂ ਸ਼ਹੀਦੀ ਸਭਾ ਦਾ ਦਿਨ ਨੇੜੇ ਆਉਂਦਾ ਹੈ ਤਾਂ ਮੇਰੇ ਮਨ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਸਾਕਾ ਅੱਖਾਂ ਅੱਗੇ ਆ ਜਾਂਦਾ ਹੈ। ਲੇਖ ਲਿਖਣ ਸਮੇਂ ਵੀ ਅੱਖਾਂ ਵਿੱਚੋਂ ਹੰਝੂ ਡਿੱਗਦੇ ਹਨ । ਛੋਟੇ ਸਾਹਿਬਜ਼ਾਦਿਆਂ ਨੂੰ ਤੇ ਮਾਤਾ ਗੁਜਰੀ ਜੀ ਨੂੰ ਸੂਬੇਦਾਰ ਦੇ ਹੁਕਮ ਨਾਲ ਠੰਡੇ ਬੁਰਜ ਵਿੱਚ ਰੱਖਿਆ ਗਿਆ । ਮਾਤਾ ਜੀ ਕੋਲ ਨਾ ਕੋਈ ਰਜਾਈ, ਨਾ ਤਲਾਈ, ਨਾ ਖੇਸ, ਨਾ ਕੋਈ ਗਰਮ ਕੱਪੜਾ । ਪੋਹ ਮਹੀਨੇ ਦੀ ਬਰਫੀਲੀ ਠੰਢ ਵਿੱਚ ਮਾਤਾ ਗੁਜਰੀ ਜੀ ਨੇ ਤੇ ਛੋਟੇ ਸਾਹਿਬਜ਼ਾਦਿਆਂ ਨੇ ਕਿਵੇਂ ਰਾਤਾਂ ਕੱਟੀਆਂ ਇਹ ਵਾਹਿਗੁਰੂ ਹੀ ਜਾਣਦਾ ਹੈ । ਹਾਂ ਇੱਕ ਚਿੱਤਰਕਾਰ ਨੇ ਤਸਵੀਰ ਵਿੱਚ ਠੰਡੇ ਬੁਰਜ ਵਿੱਚ ਚਾਦਰ ਵਿਛਾਈ ਹੋਈ ਦਿਖਾਈ ਹੈ । 9 ਸਾਲ ਤੇ 7 ਸਾਲ ਦੀ ਉਮਰ ਵਿੱਚ ਸਾਹਿਬਜ਼ਾਦਿਆਂ ਨੇ ਸੂਬੇਦਾਰ ਦੀ ਕਚਹਿਰੀ ਵਿੱਚ ਜੋ ਜਵਾਬ ਦਿੱਤੇ ਉਹ ਰੌਂਗਟੇ ਖੜ੍ਹੇ ਕਰਨ ਵਾਲੇ ਸਨ । ਨਿੱਕੇ-ਨਿੱਕੇ ਬੱਚਿਆਂ ਨੂੰ ਇਹ ਜਵਾਬ ਕਿੱਥੋਂ ਸੁਝਦੇ ਸਨ, ਇਹ ਸਭ ਦਾਦੀ ਮਾਂ ਮਾਤਾ ਗੁਜਰੀ ਜੀ ਦੀ ਸਿੱਖਿਆ ਸੀ ਜੋ ਉਹਨਾਂ ਨੇ ਠੰਡੇ ਬੁਰਜ ਵਿੱਚ ਰੱਖ ਕੇ ਸਾਹਿਬਜ਼ਾਦਿਆਂ ਨੂੰ ਦਿੱਤੀ ।

ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜਿਆਂ ਤੇ ਇੱਕ ਹਫ਼ਤਾ (ਸਪਤਾਹ) ਬੱਸਾਂ, ਰੇਲਗੱਡੀਆਂ ਵਿੱਚ ਸ਼ਹੀਦੀ ਸਾਕੇ, ਸਾਹਿਬਜ਼ਾਦਿਆਂ ਦੇ ਜੀਵਨ, ਚਮਕੌਰ ਸਾਹਿਬ ਦੀ ਲੜਾਈ, ਫ਼ਤਿਹਗੜ੍ਹ ਸਾਹਿਬ ਵਿਖੇ ਛੋਟੇ ਸਾਹਿਬਜ਼ਾਦਿਆਂ ਦਾ ਨੀਹਾਂ ਵਿੱਚ ਚਿਣੇ ਜਾਣ ਦਾ ਸਾਕਾ ਸੁਣਾਇਆ ਜਾਵੇ । ਗਾਇਕਾਂ, ਰਾਗੀ ਜਥਿਆਂ ਵੱਲੋਂ ਇਸ ਸਾਕੇ ਬਾਰੇ ਜੋ ਗੀਤ /ਕਵਿਤਾਵਾਂ ਤਿਆਰ ਕੀਤੀਆਂ ਗਈਆਂ ਹਨ ਉਹ ਅਤੇ ਢਾਡੀ ਜਥਿਆਂ ਵੱਲੋਂ ਚਮਕੌਰ ਸਾਹਿਬ ਦਾ ਤੇ ਫ਼ਤਿਹਗੜ੍ਹ ਸਾਹਿਬ ਦਾ ਪ੍ਰਸੰਗ /ਇਤਿਹਾਸ ਬੱਸਾਂ, ਟੈਂਪੂਆਂ, ਆਟੋਆਂ ਵਿੱਚ ਸੁਣਾਇਆ ਜਾਵੇ।

ਸ਼ਹੀਦਾਂ ਦੀ ਪਵਿੱਤਰ ਧਰਤੀ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਸ਼ਹੀਦੀ ਹਫ਼ਤੇ ਦਾ ਦਰਦ ਮਹਿਸੂਸ ਕਰਨ ਲਈ ਅਤੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਿਹ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾਂਜਲੀ ਅਰਪਿਤ ਕਰਨ ਲਈ ਜ਼ਿਆਦਾਤਰ ਸਿੱਖ ਪਰਿਵਾਰ ਸਦੀਆਂ ਤੋਂ ਸ਼ਹਾਦਤ ਦੇ ਇਹਨਾਂ ਦਿਨਾਂ ਦੌਰਾਨ ਜ਼ਮੀਨ 'ਤੇ ਸੌਂਦੇ ਆ ਰਹੇ ਹਨ । ਤਿੰਨ ਸਦੀਆਂ ਪਹਿਲਾਂ ਪੰਜਾਬ ਦਾ ਹਰ ਸਿੱਖ ਪਰਿਵਾਰ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਪੋਹ ਦੇ ਮਹੀਨੇ ਜ਼ਮੀਨ 'ਤੇ ਸੌਂਦਾ ਸੀ। ਅੱਜ ਵੀ ਬਹੁਤ ਸਾਰੇ ਪਰਿਵਾਰ ਜ਼ਮੀਨ 'ਤੇ ਸੌਂਦੇ ਹਨ। ਸ਼ਹੀਦੀ ਸਭਾ ਦੌਰਾਨ ਵੱਖ-ਵੱਖ ਥਾਵਾਂ ਤੋਂ ਆਉਣ ਵਾਲੇ ਜ਼ਿਆਦਾਤਰ ਸਿੱਖ ਸ਼ਰਧਾਲੂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਦੀਆਂ ਸਰਾਵਾਂ ਵਿੱਚ ਵੀ ਜ਼ਮੀਨ ਤੇ ਸੌਂਦੇ ਹਨ । ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ, ਔਰਤਾਂ ਵੀ ਫਰਸ਼ ਤੇ ਸੌਂਦੀਆਂ ਹਨ । ਸਿੱਖ ਪਰਿਵਾਰ ਇਸ ਮਹੀਨੇ ਦੌਰਾਨ ਆਪਣੇ ਬੱਚਿਆਂ ਦੇ ਵਿਆਹ ਕਰਨ ਤੋਂ ਪਰਹੇਜ਼ ਕਰਦੇ ਹਨ । ਨਾ ਉਹ ਖੁਸ਼ੀ ਦਾ ਇਕੱਠ ਕਰਦੇ ਹਨ ਅਤੇ ਨਾ ਹੀ ਸੁਆਦੀ ਪਕਵਾਨ ਬਣਾਉਂਦੇ ਹਨ। ਸਿਰਫ ਸਾਦਾ ਭੋਜਨ ਹੀ ਖਾਂਦੇ ਹਨ ।

ਗੁਰਦੁਆਰਾ ਫ਼ਤਿਹਗੜ੍ਹ ਸਾਹਿਬ ਵਿਖੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਤੇ ਮਾਤਾ ਗੁਜਰੀ ਜੀ ਦੀ ਯਾਦ ਵਿੱਚ ਸ਼ਹੀਦੀ ਦਿਹਾੜਾ 11, 12 ਤੇ 13 ਪੋਹ ਮੁਤਾਬਕ 25, 26 ਤੇ 27 ਦਸੰਬਰ ਨੂੰ ਬੜੇ ਸ਼ਰਧਾ, ਪ੍ਰੇਮ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। 12 ਪੋਹ ਨੂੰ ਸਵੇਰੇ 10 ਵਜੇ ਤੋਂ 11 ਵਜੇ ਤੱਕ ਦਾ ਸਮਾਂ ਸਾਹਿਬਜ਼ਾਦਿਆਂ ਨੂੰ ਜਿਊਂਦੇ ਕੰਧਾਂ ਵਿੱਚ ਚਿਣੇ ਜਾਣ ਦਾ ਸਮਾਂ ਕਿਹਾ ਜਾਂਦਾ ਹੈ । ਇਸ ਸਮੇਂ ਦੌਰਾਨ "ਸਤਿਨਾਮ ਵਾਹਿਗੁਰੂ" ਦਾ ਜਾਪ ਕੀਤਾ ਜਾਵੇ । ਮੂਲ-ਮੰਤਰ, ਜਪੁਜੀ ਸਾਹਿਬ ਬਾਣੀ ਦੇ ਪਾਠ ਕੀਤੇ ਜਾਣ । "ਪੰਥ ਦੇ ਪ੍ਰਸਿੱਧ ਵਿਦਵਾਨ ਗਿਆਨੀ ਪਿੰਦਰਪਾਲ ਸਿੰਘ ਨੇ ਪੰਜ ਸਾਲ ਪਹਿਲਾਂ ਸੋਸ਼ਲ ਮੀਡੀਆ ਤੇ ਸਿੱਖ ਕੌਮ ਨੂੰ ਬੇਨਤੀ ਕੀਤੀ ਸੀ ਕਿ 26 ਦਸੰਬਰ ਨੂੰ ਸਵੇਰੇ 10 ਵੱਜ ਕੇ 45 ਮਿੰਟ ਤੇ ਹਰ ਇੱਕ ਸਿੱਖ ਜਿੱਥੇ ਵੀ ਹੋਵੇ, ਭਾਵੇਂ ਦੁਕਾਨ ਤੇ ਬੈਠਾ ਹੋਵੇ, ਕਾਰ ਚਲਾ ਰਿਹਾ ਹੋਵੇ, ਜਹਾਜ਼ 'ਚ ਬੈਠਾ ਹੋਵੇ ਭਾਵ ਆਪਣੇ ਸਾਰੇ ਕੰਮ ਕਾਰ ਛੱਡ ਕੇ 10 ਮਿੰਟ ਲਈ ਵਾਹਿਗੁਰੂ ਦਾ ਸਿਮਰਨ ਜ਼ਰੂਰ ਕਰੇ ਤਾਂ ਜੋ ਸਾਰੀ ਦੁਨੀਆਂ ਨੂੰ ਪਤਾ ਲੱਗੇ ਕਿ ਅੱਜ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵਾਰਸ ਉਹਨਾਂ ਦੇ ਪੁੱਤਰਾਂ ਦੀ ਸ਼ਹਾਦਤ ਨੂੰ ਯਾਦ ਕਰ ਰਹੇ ਹਨ ।"

ਆਓ ! ਅੱਜ ਸ਼ਹੀਦੀ ਦਿਹਾੜੇ ਤੇ ਪ੍ਰਣ ਕਰੀਏ ਕਿ ਅਸੀਂ ਆਪਣੇ ਬੱਚਿਆਂ ਨੂੰ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਜੀ ਦੇ ਜੀਵਨ ਦੀਆਂ ਸਾਖੀਆਂ ਸੁਣਾਵਾਂਗੇ ਤੇ ਉਹਨਾਂ ਵਿੱਚ ਨਵਾਂ ਜੋਸ਼ ਭਰਾਂਗੇ । ਇਹ ਸਾਡੀ ਮਹਾਨ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ ਤੇ ਸਿੱਖ ਬੱਚਿਆਂ ਨੂੰ ਇੱਕ ਨਵੀਂ ਸੇਧ ਮਿਲੇਗੀ

**ਕਰਨੈਲ ਸਿੰਘ ਐੱਮ.ਏ.ਲੁਧਿਆਣਾ**
**# 1138/63-ਏ, ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ 1, ਚੰਡੀਗੜ੍ਹ ਰੋਡ, ਲੁਧਿਆਣਾ।**

### ਸ਼੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਵਿਖੇ

# ਸਾਲਾਨਾ ਖੇਡ ਮੁਕਾਬਲੇ ਕਰਵਾਏ

## ਸ਼੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਸ਼ਹੀਦੀ ਸਮਰਪਿਤ ਚਾਰ ਰੋਜ਼ਾ ਖੇਡਾਂ ਕਰਵਾਈਆਂ











**ਚੌਂਕ ਮਹਿਤਾ, 24 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਨਾਮਵਰ ਵਿਦਿਆ ਸੰਸਥਾ ਸ਼੍ਰੀ ਗੁਰੂ ਰਾਮਦਾਸ ਸੀਨੀ. ਸੈਕੰ.ਸਕੂਲ ਨਾਥ ਦੀ ਖੂਹੀ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ ਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਨੂੰ ਸਮਰਪਿਤ 19, 20, 22 ਤੇ 23 ਦਸੰਬਰ ਨੂੰ ਚਾਰ ਦਿਨ ਇੰਟਰ ਹਾਊਸ ਖੇਡ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਵਿਦਿਆਰਥੀਆਂ ਨੇ ਵੱਖ - ਵੱਖ ਖੇਡਾਂ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ, ਪ੍ਰੋਗਰਾਮ ਦੀ ਸ਼ੁਰੂਆਤ ਬੱਚਿਆਂ ਨੇ ਸ਼ਬਦ ਗਾਇਨ ਨਾਲ ਕੀਤੀ। ਪਹਿਲੇ ਦਿਨ ਮਾਰਚ ਪਾਸ ਤੋ ਬਾਅਦ ਨਰਸਰੀ ਵਿੰਗ ਤੇ ਪ੍ਰਾਇਮਰੀ ਵਿੰਗ ਦੀਆਂ ਹੁੱਲਾ ਹੂਪ ਗੇਮ, ਡੱਕ ਵਾਲਕ ਰੇਸ, ਬਾਲ ਪਾਸਿੰਗ, ਬਾਲ ਪਿਕ ਡ੍ਰੌਪ ਰੇਸ, ਮਲਟੀਡਰਿੱਲ, ਕੁਲੈਕਟ ਦਾ ਕੋਨ, ਜੰਪਿਗ ਰੇਸ,ਫਰੋਗ ਰੇਸ, ਥ੍ਰੀ ਲੈਗ ਰੇਸ, ਲੈਮਨ ਰੇਸ,50 ਮੀਟਰ ਰੇਸ ਤੇ ਰਿਲੇਅ ਰੇਸ ਆਦਿ ਕਰਵਾਈਆਂ ਗਈਆਂ, ਅਗਲੇ ਤਿੰਨ ਦਿਨਾਂ ਦੌਰਾਨ ਮਿਡਲ ਤੇ ਸੀਨੀਅਰ ਕਲਾਸਾਂ ਦੇ ਚਾਰ ਹਾਊਸਾਂ ਦੇ ਵਿਦਿਆਰਥੀਆਂ ਚ 100 ਮੀਟਰ ਰੇਸ, 200 ਮੀਟਰ ਰੇਸ, ਰਿਲੇਅ ਰੇਸ,ਉੱਚੀ ਛਾਲ, ਲੰਮੀ ਛਾਲ, ਖੋ-ਖੋ, ਬੈਡਮਿੰਟਨ,ਵਾਲੀਬਾਲ ਤੇ ਫੁੱਟਬਾਲ ਮੁਕਾਬਲੇ ਕਰਵਾਏ ਗਏ, ਜਿਸ ਦੌਰਾਨ ਰਿਲੇਅ ਰੇਸ ਸੀਨੀਅਰ ਵਿੱਚ ਮਾਨਵਦੀਪ ਸਿੰਘ, ਭੁਪਿੰਦਰ ਸਿੰਘ, ਆਕਾਸ਼ਦੀਪ ਸਿੰਘ ,ਨਵਰਾਜ ਸਿੰਘ ਪਹਿਲੇ ਤਰਨਬੀਰ ਸਿੰਘ ,ਤਜਿੰਦਰ ਸਿੰਘ, ਮਨਰੋਜ਼ਦੀਪ ਸਿੰਘ ,ਸੁਪਨਦੀਪ ਸਿੰਘ ਦੂਸਰੇ ਅਤੇ ਅਮਰਬੀਰ ਸਿੰਘ, ਲਵਰੋਜ ਸਿੰਘ ,ਅਰਮਾਨਦੀਪ ਸਿੰਘ, ਗੁਰਪ੍ਰਤਾਪ ਸਿੰਘ ਤੀਸਰੇ ਸਥਾਨ ਤੇ ਰਹੇ

100 ਮੀਟਰ ਦੌੜ( ਲੜਕੇ) ਵਿੱਚ ਗੁਰਸਿਮਰਨ ਸਿੰਘ ,ਪ੍ਰਭਜੀਤ ਸਿੰਘ ਅਤੇ ਹਰਸਿਮਰਨ ਸਿੰਘ ,100 ਮੀਟਰ ਦੌੜ (ਲੜਕੀਆਂ) ਸੁਖਮਨਜੀਤ ਕੌਰ ,ਪ੍ਰੀਤੀ ਕੁਮਾਰੀ ਅਤੇ ਜਸਪ੍ਰੀਤ ਕੌਰ ਕ੍ਰਮਵਾਰ ਪਹਿਲੇ ,ਦੂਜੇ ਅਤੇ ਤੀਜੇ ਸਥਾਨ ਤੇ ਰਹੇ, ਲੰਮੀ ਛਾਲ ਮੁਕਾਬਲੇ ਵਿੱਚ ਜੂਨੀਅਰ ਵਰਗ ਲੜਕੇ ਗੁਰਸਿਮਰਨ ਸਿੰਘ , ਗੁਰਪਾਲ ਸਿੰਘ ਅਤੇ ਯਹੋਸ਼ਆ ਅਤੇ ਸੀਨੀਅਰ ਲੜਕੀਆਂ ਸੰਦੀਪ ਕੌਰ, ਪਲਕਪ੍ਰੀਤ ਕੌਰ ਅਤੇ ਅਨੂਰੀਤ ਕੌਰ , ਸੀਨੀਅਰ ਵਰਗ ਲੜਕੇ ਅਰਮਾਨਦੀਪ ਸਿੰਘ, ਨਵਰਾਜ ਸਿੰਘ ਅਤੇ ਪਵਨਦੀਪ ਸਿੰਘ ਕ੍ਰਮਵਾਰ ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਰਹੇ, ਵਾਲੀਬਾਲ ਮੁਕਾਬਲੇ ਵਿੱਚ ਸਾਹਿਬਜਾਦਾ ਫਤਿਹ ਸਿੰਘ ਹਾਊਸ ਦੇ ਮਾਨਵਦੀਪ ਸਿੰਘ ਤੇ ਟੀਮ ਜੇਤੂ ਰਹੇ, ਫੁੱਟਬਾਲ ਮੁਕਾਬਲੇ ਵਿੱਚ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਦੇ ਇਕਬਾਲ ਸਿੰਘ ਤੇ ਟੀਮ ਜੇਤੂ ਰਹੇ, ਖੋ-ਖੋ ਮੁਕਾਬਲਿਆਂ ਵਿੱਚ ਜੂਨੀਅਰ ਵਰਗ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਦੇ ਲੜਕੇ ਸੁਖਵਿੰਦਰ ਸਿੰਘ ਤੇ ਟੀਮ, ਲੜਕੀਆਂ ਵਿੱਚੋਂ ਸਾਹਿਬਜ਼ਾਦਾ ਜੋਰਾਵਰ ਸਿੰਘ ਹਾਊਸ ਦਵਿੰਦਰ ਕੌਰ ਤੇ ਟੀਮ ਜੇਤੂ ਰਹੇ, ਸੀਨੀਅਰ ਵਰਗ ਖੋ -ਖੋ ਵਿੱਚੋਂ ਸਾਹਿਬਜਾਦਾ ਜੋਰਾਵਰ ਸਿੰਘ ਹਾਊਸ ਦੇ ਦਿਲਪ੍ਰੀਤ ਸਿੰਘ ਤੇ ਟੀਮ, ਲੜਕੀਆਂ ਵਿਚੋਂ ਸਾਹਿਬਜਾਦਾ ਜੋਰਾਵਰ ਸਿੰਘ ਹਾਊਸ ਪਲਕਪ੍ਰੀਤ ਕੌਰ ਤੇ ਟੀਮ ਜੇਤੂ ਰਹੇ, ਬੈਡਮਿੰਟਨ ਲੜਕੀਆਂ ਵਿੱਚੋਂ ਸਿਮਰਨਪ੍ਰੀਤ ਕੌਰ ਤੇ ਪਲਕਪ੍ਰੀਤ ਕੌਰ ਸਾਹਿਬਜ਼ਾਦਾ ਜੋਰਾਵਰ ਸਿੰਘ ਹਾਊਸ, ਬੈਡਮਿੰਟਨ ਲੜਕਿਆਂ ਵਿਚੋਂ ਨਵਰਾਜ ਸਿੰਘ ਅਤੇ ਵਿਪਨਦੀਪ ਸਿੰਘ ਸਾਹਿਬਜਾਦਾ ਫਤਿਹ ਸਿੰਘ ਹਾਊਸ ਜੇਤੂ ਰਹੇ, ਸੀਨੀਅਰ ਵਰਗ ਲੜਕੇ ਟਗ ਆਫ ਵਾਰ ਵਿੱਚੋਂ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਦੇ ਤਜਿੰਦਰ ਸਿੰਘ ਸਿੰਘ ਤੇ ਟੀਮ ਜੇਤੂ ਰਹੇ । ਇਸ ਮੌਕੇ ਸਕੂਲ ਪ੍ਰਬੰਧਕ ਸ. ਸ਼ਿਵਚਰਨ ਸਿੰਘ, ਪ੍ਰਿੰ. ਸ਼੍ਰੀਮਤੀ ਗੁਰਦੀਪ ਕੌਰ ਤੇ ਸਟਾਫ ਵੱਲੋਂ ਖੇਡਣ ਵਾਲੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੱਤੀ ਗਈ ਅਤੇ ਅੱਗੋਂ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਵੀ ਦਿੱਤੀ ਗਈ। ਮਾਰਚ ਪਾਸ ਤੇ ਖੇਡ ਮੁਕਾਬਲਿਆਂ ਦੌਰਾਨ ਡੀ ਪੀ ਮੈਡਮ ਕੰਵਲਜੀਤ ਕੌਰ ਦੀ ਅਗਵਾਈ ਬਹੁਤ ਸ਼ਲਾਘਾਯੋਗ ਰਹੀ। ਅੰਤ ਵਿੱਚ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**ਭਾਰਤ ਦੇ ਨੰਬਰ ਵੰਨ ਨਿਊਜ਼ ਨੈਟਵਰਕ ਨਿਊਜ਼-18 ਟੀਵੀ ਚੈਨਲ ਵੱਲੋਂ**

# ਕਰਨਾਲ ਵਿੱਚ ਸਾਈਨਿੰਗ ਸਟਾਰ ਹਰਿਆਣਾ ਪ੍ਰੋਗਰਾਮ ਦਾ ਆਯੋਜਨ

## ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ ਦੀਆਂ ਧਾਰਮਿਕ ਅਤੇ ਸਮਾਜ ਦੀਆਂ ਸੇਵਾਵਾਂ ਕਰਕੇ ਹਰਿਆਣੇ ਦੇ ਸਾਈਨਿੰਗ ਸਟਾਰ ਵਜੋਂ ਸਨਮਾਨਿਤ ਕੀਤਾ ਗਿਆ

















ਭਾਰਤ ਦੇ ਨੰਬਰ ਵੰਨ ਨਿਊਜ਼ ਨੈਟਵਰਕ ਨਿਊਜ਼18 ਟੀਵੀ ਚੈਨਲ ਵੱਲੋਂ ਕਰਨਾਲ ਦੇ ਫਾਈਵ ਸਟਾਰ ਨੂਰਮਹਿਲ ਪੈਲਸ ਵਿੱਚ ਕਰਵਾਏ ਸਾਈਨਿੰਗ ਸਟਾਰ ਹਰਿਆਣਾ ਪ੍ਰੋਗਰਾਮ ਵਿੱਚ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ ਦੀਆਂ ਧਾਰਮਿਕ ਅਤੇ ਸਮਾਜ ਦੀਆਂ ਸੇਵਾਵਾਂ ਕਰਕੇ ਹਰਿਆਣੇ ਦੇ ਸਾਈਨਿੰਗ ਸਟਾਰ ਵਜੋਂ ਸਨਮਾਨਿਤ ਕੀਤਾ ਗਿਆ ਪ੍ਰਸਿੱਧ ਬਿਜਨਸਮੈਨ ਸ. ਗੁਰਪ੍ਰਸਾਦ ਸਿੰਘ ਫਰੀਦਾਬਾਦ ਨੂੰ ਵੀ ਹਰਿਆਣਾ ਦੇ ਸਾਈਨਿੰਗ ਸਟਾਰ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਇਸ ਸਮੇ ਸਰਪੰਚ ਭੁਪਿੰਦਰ ਸਿੰਘ ਲਾਡੀ ਸ਼ੌਕੜਾ ਸ.ਇੰਦਰਪਾਲ ਸਿੰਘ ਕਰਨਾਲ,ਸਵਾਮੀ ਸ੍ਰੀ ਗਿਆਨਾਨੰਦ ਜੀ,ਰਜੇਸ਼ ਨਾਗਰ ਕੈਬਨਿਟ ਮੰਤਰੀ ਹਰਿਆਣਾ,ਸ੍ਰੀ ਜਗਮੋਹਨ ਅਨੰਦ ਵਿਧਾਇਕ ਕਰਨਾਲ,ਸ੍ਰੀ ਗਿਆਨ ਚੰਦ ਗੁਪਤਾ ਸਾਬਕਾ ਸਪੀਕਰ ਹਰਿਆਣਾ ਸਰਕਾਰ,ਸ੍ਰੀਮਤੀ ਰੇਨੂੰ ਬਾਲਾ ਗੁਪਤਾ ਮੇਅਰ ਕਰਨਾਲ,ਸ੍ਰੀ ਰਮਨ ਬਾਂਸਲ ਐਮਡੀ ਲਿਬਰਟੀ,ਨਿਊਜ18 ਦੀ ਸਮੁੱਚੀ ਟੀਮ ਸਮੇਤ ਰਾਜਨੀਤਿਕ ਸਮਾਜਿਕ ਧਾਰਮਿਕ ਆਗੂ ਸਾਹਿਬਾਨ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੈਰਾਮਾਊਂਟ ਪਬਲਿਕ ਸਕੂਲ ਤਿਲੋਕੇਵਾਲਾ ਦੇ ਬੱਚਿਆਂ ਪ੍ਰਿੰਸੀਪਲ ਅਤੇ ਸਟਾਫ਼ ਨੇ

# ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਮੱਥਾ ਟੇਕਿਆ

## ਮੁੱਖ ਸੇਵਾਦਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਜੱਥੇ ਦੇ ਸਿੰਘ ਭਾਈ ਰਣਧੀਰ ਸਿੰਘ ਜੀ ਨੇ ਸਕੂਲ ਦੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਇਤਿਹਾਸ ਤੋਂ ਜਾਣੂ ਕਰਵਾਇਆ











ਪੈਰਾਮਾਊਂਟ ਪਬਲਿਕ ਸਕੂਲ ਤਿਲੋਕੇਵਾਲਾ ਦੇ ਬੱਚਿਆਂ ਪ੍ਰਿੰਸੀਪਲ ਅਤੇ ਸਟਾਫ਼ ਨੇ ਅੱਜ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਮੱਥਾ ਟੇਕਿਆ ਜਿੱਥੇ ਅਸਥਾਨ ਦੇ ਮੁੱਖ ਸੇਵਾਦਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਜੱਥੇ ਦੇ ਸਿੰਘ ਭਾਈ ਰਣਧੀਰ ਸਿੰਘ ਜੀ ਨੇ ਸਕੂਲ ਦੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਉਪਰੰਤ ਬੱਚਿਆਂ ਨੂੰ ਚਾਹਪਾਣੀ ਅਤੇ ਫਰੂਟ ਦਾ ਲੰਗਰ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਦਮਦਮੀ ਟਕਸਾਲ ਦੇ 15ਵੇਂ ਮੁਖੀ ਬ੍ਰਹਮਗਿਆਨੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਜੀ ਦੀ

# ਸਾਲਾਨਾ ਬਰਸੀ ਜੋੜ ਮੇਲਾ ਸ਼ਰਧਾ ਨਾਲ ਮਨਾਇਆ ਗਿਆ

**ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬ੍ਰਹਮਗਿਆਨੀ ਮਹਾਂਪੁਰਸ਼ਾਂ ਦੀਆਂ ਬਰਸੀਆਂ ਸਾਨੂੰ ਗੁਰੂ ਸਾਹਿਬਾਂ ਦੇ ਮਾਰਗ 'ਤੇ ਚੱਲਣ, ਨਾਮ ਸਿਮਰਨ, ਸੇਵਾ ਅਤੇ ਗੁਰਮਤਿ ਅਸੂਲਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਣਾ ਦਿੰਦੀਆਂ ਹਨ**


















ਆਵਾਜ਼ਿ ਕੌਮ AWAZE QAUM International Newspaper & WEB TV







(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਮਹਿਤਾ (ਅੰਮ੍ਰਿਤਸਰ), 24 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬ੍ਰਹਮਗਿਆਨੀ ਸ਼੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ, 15ਵੇਂ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਸਾਲਾਨਾ ਬਰਸੀ ਜੋੜ ਮੇਲਾ ਅੱਜ ਮਿਤੀ 24 ਦਸੰਬਰ 2025 ਨੂੰ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਮਹਿਤਾ ਵਿਖੇ ਬਹੁਤ ਹੀ ਸ਼ਰਧਾ, ਸਤਿਕਾਰ ਅਤੇ ਧਾਰਮਿਕ ਮਾਹੌਲ ਵਿੱਚ ਮਨਾਇਆ ਗਿਆ। ਇਸ ਪਵਿੱਤਰ ਮੌਕੇ 'ਤੇ ਦਮਦਮੀ ਟਕਸਾਲ ਦੇ 16ਵੇਂ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਦੇਖ-ਰੇਖ ਅਤੇ ਅਗਵਾਈ ਹੇਠ ਵਿਸ਼ਾਲ ਧਾਰਮਿਕ ਸਮਾਗਮ ਕਰਵਾਏ ਗਏ। ਸਵੇਰ ਤੋਂ ਹੀ ਗੁਰਦੁਆਰਾ ਸਾਹਿਬ ਵਿੱਚ ਸ੍ਰੀ ਅਖੰਡ ਪਾਠ ਸਾਹਿਬਾਂ ਦੀ ਸੰਪੂਰਣਤਾ ਉਪਰਾਂਤ ਗੁਰਬਾਣੀ ਕੀਰਤਨ, ਕਥਾ-ਵਿਚਾਰ ਅਤੇ ਗੁਰਮਤਿ ਉਪਦੇਸ਼ਾਂ ਦੇ ਦਿਵਾਨ ਸਜਾਏ ਗਏ। ਸਮਾਗਮ ਦੌਰਾਨ ਪ੍ਰਸਿੱਧ ਰਾਗੀ ਜਥਿਆਂ ਅਤੇ ਕਥਾਵਾਚਕਾਂ ਵੱਲੋਂ ਗੁਰਬਾਣੀ ਦੀ ਰਸਭਰੀ ਕੀਰਤਨ ਅਤੇ ਬ੍ਰਹਮਗਿਆਨੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਦੇ ਜੀਵਨ, ਤਿਆਗ, ਤਪੱਸਿਆ ਅਤੇ ਪੰਥ ਪ੍ਰਤੀ ਅਮੂਲ ਯੋਗਦਾਨ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ ਗਏ। ਬੋਲਣ ਵਾਲਿਆਂ ਨੇ ਕਿਹਾ ਕਿ ਸੰਤ ਬਾਬਾ ਠਾਕੁਰ ਸਿੰਘ ਜੀ ਨੇ ਆਪਣਾ ਪੂਰਾ ਜੀਵਨ ਗੁਰਬਾਣੀ, ਗੁਰਮਤਿ ਸਿੱਖਿਆ ਅਤੇ ਦਮਦਮੀ ਟਕਸਾਲ ਦੀ ਮਰਿਆਦਾ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਕੀਤਾ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬ੍ਰਹਮਗਿਆਨੀ ਮਹਾਂਪੁਰਸ਼ਾਂ ਦੀਆਂ ਬਰਸੀਆਂ ਸਾਨੂੰ ਗੁਰੂ ਸਾਹਿਬਾਂ ਦੇ ਮਾਰਗ 'ਤੇ ਚੱਲਣ, ਨਾਮ ਸਿਮਰਨ, ਸੇਵਾ ਅਤੇ ਗੁਰਮਤਿ ਅਸੂਲਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਣਾ ਦਿੰਦੀਆਂ ਹਨ। ਉਨ੍ਹਾਂ ਸੰਗਤ ਨੂੰ ਗੁਰਬਾਣੀ ਨਾਲ ਜੁੜਨ ਅਤੇ ਪੰਥਕ ਏਕਤਾ ਬਣਾਈ ਰੱਖਣ ਦਾ ਸੁਨੇਹਾ ਦਿੱਤਾ। ਇਸ ਮੌਕੇ ਪੰਜਾਬ ਸਮੇਤ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਪਹੁੰਚੀ ਗੁਰੂ-ਘਰ ਦੀ ਸੰਗਤ ਨੇ ਮੱਥਾ ਟੇਕ ਕੇ ਅਸੀਸਾਂ ਪ੍ਰਾਪਤ ਕੀਤੀਆਂ। ਸਮਾਗਮ ਦੀ ਸਮਾਪਤੀ ਉਪਰਾਂਤ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਪ੍ਰਸ਼ਾਦਾ ਛਕਿਆ। ਬਰਸੀ ਜੋੜ ਮੇਲੇ ਦੇ ਸੁਚੱਜੇ ਪ੍ਰਬੰਧਾਂ ਲਈ ਦਮਦਮੀ ਟਕਸਾਲ ਦੇ ਸੇਵਾਦਾਰਾਂ ਅਤੇ ਪ੍ਰਬੰਧਕਾਂ ਦੀ ਸੰਗਤ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਦਮਦਮੀ ਟਕਸਾਲ ਦੇ 15ਵੇਂ ਮੁਖੀ ਬ੍ਰਹਮਗਿਆਨੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਜੀ ਦੀ

# ਸਾਲਾਨਾ ਬਰਸੀ ਜੋੜ ਮੇਲਾ ਸ਼ਰਧਾ ਨਾਲ ਮਨਾਇਆ ਗਿਆ

**ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬ੍ਰਹਮਗਿਆਨੀ ਮਹਾਂਪੁਰਸ਼ਾਂ ਦੀਆਂ ਬਰਸੀਆਂ ਸਾਨੂੰ ਗੁਰੂ ਸਾਹਿਬਾਂ ਦੇ ਮਾਰਗ 'ਤੇ ਚੱਲਣ, ਨਾਮ ਸਿਮਰਨ, ਸੇਵਾ ਅਤੇ ਗੁਰਮਤਿ ਅਸੂਲਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਨਾ ਦਿੰਦੀਆਂ ਹਨ**















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਜਪਾ ਦੇ ਕਾਰਜਕਾਰੀ ਕੌਮੀ ਪ੍ਰਧਾਨ

# ਨਿਤਿਨ ਨਵੀਨ ਤਖ਼ਤ ਪਟਨਾ ਸਾਹਿਬ ਵਿਖੇ ਹੋਏ ਨਤਮਸਤਕ




**ਨਵੀਂ ਦਿੱਲੀ, 24 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)-** ਭਾਜਪਾ ਦੇ ਨਵ-ਨਿਯੁਕਤ ਕਾਰਜਕਾਰੀ ਕੌਮੀ ਪ੍ਰਧਾਨ ਨਿਤਿਨ ਨਵੀਨ ਅੱਜ ਤਖ਼ਤ ਪਟਨਾ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਗੁਰੂ ਮਹਾਰਾਜ ਦਾ ਸ਼ੁਕਰਾਨਾ ਕੀਤਾ। ਉਨ੍ਹਾਂ ਦੇ ਨਾਲ ਸੰਜੇ ਸਾਵਰਗੀ (ਪ੍ਰਦੇਸ਼ ਪ੍ਰਧਾਨ), ਦਿਲੀਪ ਜੈਸਪਾਲ (ਉਦਯੋਗ ਮੰਤਰੀ), ਉਪ ਮੁੱਖ ਮੰਤਰੀ ਵਿਜੈ ਸਿੰਹਾ, ਪਟਨਾ ਸਾਹਿਬ ਤੋਂ ਸੰਸਦ ਮੈਂਬਰ ਰਵਿਸ਼ੰਕਰ ਪ੍ਰਸਾਦ, ਵਿਧਾਇਕ ਰਾਕੇਸ਼ ਖੁਸ਼ਵਾਹਾ, ਮੇਅਰ ਸੀਤਾ ਸਾਹੂ ਅਤੇ ਡਿਪਟੀ ਮੇਅਰ ਰੇਸ਼ਮੀ ਵੀ ਮੌਜੂਦ ਸਨ। ਤਖ਼ਤ ਪਟਨਾ ਸਾਹਿਬ ਦੇ ਗ੍ਰੰਥੀ ਸਾਹਿਬ ਵੱਲੋਂ ਉਨ੍ਹਾਂ ਨੂੰ ਸਿਰੋਪਾ ਭੇਟ ਕੀਤਾ ਗਿਆ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਪ੍ਰਧਾਨ ਲਖਵਿੰਦਰ ਸਿੰਘ, ਮੀਤ ਪ੍ਰਧਾਨ ਗੁਰਵਿੰਦਰ ਸਿੰਘ, ਮੈਂਬਰ ਮਹਿੰਦਰਪਾਲ ਸਿੰਘ ਢਿੱਲੋਂ, ਹਰਪਾਲ ਸਿੰਘ ਜੋਹਲ ਅਤੇ ਮੀਡੀਆ ਪ੍ਰਭਾਰੀ ਸੁਦੀਪ ਸਿੰਘ ਵੱਲੋਂ ਸਮ੍ਰਿਤੀ ਚਿੰਨ੍ਹ ਅਤੇ ਕਿਰਪਾਨ ਭੇਟ ਕੀਤੀ ਗਈ। ਭਾਜਪਾ ਪ੍ਰਧਾਨ ਨੇ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਜੋੜਾ ਸਾਹਿਬ ਦੇ ਦਰਸ਼ਨ ਵੀ ਕੀਤੇ। ਇਸ ਮੌਕੇ ਸਰਦਾਰ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਤਖ਼ਤ ਪਟਨਾ ਸਾਹਿਬ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਸਥਾਨ ਹੈ ਅਤੇ ਸਮੂਹ ਸਿੱਖ ਪੰਥ ਲਈ ਇਹ ਮਾਣ ਦੀ ਗੱਲ ਹੈ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇੱਕ ਸਾਲ ਵਿੱਚ ਦੋ ਵਾਰ ਤਖ਼ਤ ਸਾਹਿਬ ਵਿਖੇ ਨਤਮਸਤਕ ਹੋ ਚੁੱਕੇ ਹਨ। ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੀ ਤਾਂ ਤਖ਼ਤ ਸਾਹਿਬ ਵਿੱਚ ਪੂਰੀ ਆਸਥਾ ਹੈ ਅਤੇ ਉਨ੍ਹਾਂ ਦਾ ਤਖ਼ਤ ਪਟਨਾ ਸਾਹਿਬ ਕਮੇਟੀ ਨਾਲ ਹਰ ਵੇਲੇ ਸਹਿਯੋਗ ਮਿਲਦਾ ਰਹਿੰਦਾ ਹੈ। ਇਸ ਦੇ ਨਾਲ ਹੀ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ, ਮੁੱਖ ਮੰਤਰੀਆਂ ਤੋਂ ਲੈ ਕੇ ਸਰਕਾਰਾਂ ਦੇ ਮੰਤਰੀਗਣ ਅਤੇ ਪ੍ਰਸ਼ਾਸਨਿਕ ਅਧਿਕਾਰੀ, ਜੋ ਕੋਈ ਵੀ ਪਟਨਾ ਦੀ ਧਰਤੀ 'ਤੇ ਆਉਂਦਾ ਹੈ, ਉਹ ਤਖ਼ਤ ਪਟਨਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਜ਼ਰੂਰ ਪਹੁੰਚਦਾ ਹੈ। ਅੱਜ ਵੀ ਓਸੇ ਕੜੀ ਵਿੱਚ ਭਾਜਪਾ ਦੇ ਨਵ-ਨਿਯੁਕਤ ਕੌਮੀ ਪ੍ਰਧਾਨ ਨਿਤਿਨ ਨਵੀਨ ਗੁਰੂ ਮਹਾਰਾਜ ਦਾ ਸ਼ੁਕਰਾਨਾ ਕਰਨ ਅਤੇ ਆਸ਼ੀਰਵਾਦ ਲੈਣ ਲਈ ਪਹੁੰਚੇ।

### ਬਿਹਾਰ ਸਰਕਾਰ ਵੱਲੋਂ ਪ੍ਰਕਾਸ਼ ਪੁਰਬ ਮੌਕੇ ਆਉਣ ਵਾਲੀ ਸੰਗਤ ਲਈ ਮੁਫ਼ਤ ਬੱਸ ਸੇਵਾ

**ਬਿਹਾਰ ਸਰਕਾਰ ਵੱਲੋਂ ਪ੍ਰਕਾਸ਼ ਪੁਰਬ ਮੌਕੇ ਆਉਣ ਵਾਲੀ ਸੰਗਤ ਲਈ ਮੁਫ਼ਤ ਬੱਸ ਸੇਵਾ-** ਉਨ੍ਹਾਂ ਦਸਿਆ ਕਿ ਤਖ਼ਤ ਪਟਨਾ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 25 ਤੋਂ 27 ਦਸੰਬਰ ਤੱਕ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ, ਜਿਸ ਲਈ ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਨੂੰ ਬਿਹਾਰ ਸਰਕਾਰ ਦਾ ਪੂਰਾ ਸਹਿਯੋਗ ਮਿਲ ਰਿਹਾ ਹੈ। ਇਸ ਵਾਰ ਵੀ ਬਿਹਾਰ ਸਰਕਾਰ ਨੇ ਪ੍ਰਕਾਸ਼ ਪੁਰਬ ਵਿੱਚ ਆਈ ਸੰਗਤ ਦੀ ਸੁਵਿਧਾ ਲਈ 21 ਤੋਂ 28 ਤਾਰੀਖ਼ ਤੱਕ ਗੁਰਦੁਆਰਾ ਕੰਗਨਘਾਟ ਤੋਂ ਗੁਰਦੁਆਰਾ ਰਾਜਗੀਰ ਸ਼ੀਤਲਕੁੰਡ, ਪਟਨਾ ਸਾਹਿਬ ਸਟੇਸ਼ਨ ਅਤੇ ਹਵਾਈ ਅੱਡੇ ਤੋਂ ਸੰਗਤ ਨੂੰ ਲਿਆਉਣ-ਲੈ ਜਾਣ ਲਈ ਮੁਫ਼ਤ ਬੱਸ ਸੇਵਾ ਸ਼ੁਰੂ ਕੀਤੀ ਹੈ, ਜਿਸ ਵਿੱਚ ਸਰਕਾਰ ਵੱਲੋਂ ਕਰੀਬ 25 ਬੱਸਾਂ ਲਗਾਈਆਂ ਗਈਆਂ ਹਨ। ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਅਤੇ ਸਕੱਤਰ ਇੰਦਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਇਸ ਕੰਮ ਲਈ 15 ਬੱਸਾਂ ਦਿੱਤੀਆਂ ਗਈਆਂ ਸਨ, ਪਰ ਸੰਗਤ ਦੀ ਵਧਦੀ ਮੰਗ ਨੂੰ ਦੇਖਦਿਆਂ ਹੁਣ ਗੁਰਦੁਆਰਾ ਕੰਗਨਘਾਟ ਤੋਂ ਗੁਰਦੁਆਰਾ ਰਾਜਗੀਰ ਤੱਕ 25 ਬੱਸਾਂ ਲਗਾਈਆਂ ਗਈਆਂ ਹਨ, ਜੋ ਸਵੇਰੇ 7 ਵਜੇ ਤੋਂ ਸ਼ੁਰੂ ਹੋ ਕੇ ਦੇਰ ਸ਼ਾਮ ਤੱਕ ਚੱਲਦੀਆਂ ਹਨ। ਇਸ ਤੋਂ ਇਲਾਵਾ ਪਟਨਾ ਹਵਾਈ ਅੱਡੇ ਅਤੇ ਪਟਨਾ ਸਟੇਸ਼ਨ ਤੋਂ ਵੀ ਸੰਗਤ ਦੀ ਸੁਵਿਧਾ ਲਈ ਸਰਕਾਰ ਵੱਲੋਂ ਬੱਸ ਸੇਵਾ ਚਲਾਈ ਜਾ ਰਹੀ ਹੈ।

# ਭਾਈ ਇੱਕਬਾਲ ਸਿੰਘ ਤੁੰਗ ਦੀ ਬੇਟੀ ਜਗਵਿੰਦਰਬੀਰ ਕੌਰ ਤੁੰਗ ਨਿਆਇਕ ਸੇਵਾ ਵਿੱਚ ਜੱਜ ਦੇ ਆਹੁਦੇ 'ਤੇ ਨਿਯੁਕਤ, ਪਰਿਵਾਰ ਤੇ ਸਿੱਖ ਸਮਾਜ ਵਿੱਚ ਖੁਸ਼ੀ ਦੀ ਲਹਿਰ

**ਅੰਮ੍ਰਿਤਸਰ, 24 ਦਸੰਬਰ (ਆਵਾਜ਼-ਏ-ਕੌਮ ਬਿਊਰੋ)-** ਸਾਬਕਾ ਫੈਡਰੇਸ਼ਨ ਆਗੂ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਪੂਰਨ ਸਿੰਘ ਜੀ ਦੇ ਪੀ.ਏ. ਰਹੇ ਭਾਈ ਇੱਕਬਾਲ ਸਿੰਘ ਤੁੰਗ ਦੀ ਬੇਟੀ ਜਗਵਿੰਦਰਬੀਰ ਕੌਰ ਤੁੰਗ ਨੇ ਨਿਆਇਕ ਸੇਵਾਵਾਂ ਵਿੱਚ ਜੱਜ ਦੇ ਆਹੁਦੇ 'ਤੇ ਨਿਯੁਕਤ ਹੋ ਕੇ ਪਰਿਵਾਰ ਹੀ ਨਹੀਂ, ਸਗੋਂ ਸਮੂਹ ਸਿੱਖ ਸਮਾਜ ਦਾ ਮਾਣ ਵਧਾਇਆ ਹੈ। ਜਗਵਿੰਦਰਬੀਰ ਕੌਰ ਤੁੰਗ, ਜੋ ਬੀ.ਏ., ਐਲ.ਐਲ.ਬੀ. ਅਤੇ ਐਲ.ਐਲ.ਐਮ. ਦੀਆਂ ਉੱਚ ਸਿੱਖਿਆ ਪ੍ਰਾਪਤ ਡਿਗਰੀਆਂ ਹਾਸਲ ਕਰ ਚੁੱਕੀਆਂ ਹਨ, ਨੇ ਕਾਨੂੰਨੀ ਖੇਤਰ ਵਿੱਚ ਆਪਣੀ ਕਾਬਲੀਅਤ, ਲਗਨ ਅਤੇ ਅਥਾਹ ਮਿਹਨਤ ਸਦਕਾ ਐਡਵੋਕੇਟ ਤੋਂ ਨਿਆਇਕ ਅਧਿਕਾਰੀ ਬਣਨ ਦਾ ਮਕਾਮ ਹਾਸਲ ਕੀਤਾ ਹੈ। ਉਨ੍ਹਾਂ ਦੀ ਨਿਯੁਕਤੀ ਰਾਜਸਥਾਨ ਜੁਡੀਸ਼ਲ ਸਰਵਿਸ ਅਧੀਨ ਸਿਵਲ ਜੱਜ (ਜੂਨੀਅਰ ਡਿਵੀਜ਼ਨ) / ਜੁਡੀਸ਼ਲ ਮੈਜਿਸਟ੍ਰੇਟ ਵਜੋਂ ਹੋਈ ਹੈ। ਇਸ ਮੌਕੇ ਸਾਡੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਭਾਈ ਇੱਕਬਾਲ ਸਿੰਘ ਤੁੰਗ ਨੇ ਗੁਰੂ ਘਰ ਪ੍ਰਤੀ ਡੂੰਘਾ ਸ਼ੁਕਰਾਨਾ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਸਾਰੀ ਕਿਰਪਾ ਗੁਰੂ ਰਾਮਦਾਸ ਮਹਾਰਾਜ, ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੈ, ਜਿਨ੍ਹਾਂ ਨੇ ਉਨ੍ਹਾਂ ਦੀ ਬੇਟੀ ਦੀ ਕੀਤੀ ਮਿਹਨਤ ਨੂੰ ਸਫਲਤਾ ਬਖ਼ਸ਼ੀ। ਉਨ੍ਹਾਂ ਕਿਹਾ ਕਿ ਇਹ ਉਪਲਬਧੀ ਕੇਵਲ ਪਰਿਵਾਰ ਲਈ ਹੀ ਨਹੀਂ, ਸਗੋਂ ਪੂਰੇ ਸਿੱਖ ਸਮਾਜ ਲਈ ਮਾਣ ਅਤੇ ਪ੍ਰੇਰਣਾ ਦਾ ਸਰੋਤ ਹੈ। ਭਾਈ ਇੱਕਬਾਲ ਸਿੰਘ ਨੇ ਦੱਸਿਆ ਕਿ ਬੇਟੀ ਦੀ ਇਸ ਕਾਮਯਾਬੀ ਨਾਲ ਪਰਿਵਾਰ ਵਿੱਚ ਖੁਸ਼ੀ ਅਤੇ ਅਨੰਦ ਦਾ ਮਾਹੌਲ ਹੈ ਅਤੇ ਉਹ ਅਕਾਲ ਪੁਰਖ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਦੀ ਅਪਾਰ ਕਿਰਪਾ ਨਾਲ ਇਹ ਮਾਣ ਪ੍ਰਾਪਤ ਹੋਇਆ। ਜਗਵਿੰਦਰਬੀਰ ਕੌਰ ਤੁੰਗ ਦੀ ਇਸ ਮਹੱਤਵਪੂਰਨ ਕਾਮਯਾਬੀ 'ਤੇ ਧਾਰਮਿਕ, ਸਮਾਜਿਕ ਅਤੇ ਕਾਨੂੰਨੀ ਖੇਤਰਾਂ ਨਾਲ ਸੰਬੰਧਿਤ ਹਸਤੀਆਂ ਵੱਲੋਂ ਵਧਾਈਆਂ ਦਾ ਤੰਤਾ ਲੱਗਿਆ ਹੋਇਆ ਹੈ।

### 'ਆਵਾਜ਼ਿ ਕੌਮ' ਦੇ ਮੁੱਖ ਸੰਪਾਦਕ ਭਾਈ ਰਘਵੀਰ ਸਿੰਘ ਵਾਲਸਾਲ ਵੱਲੋਂ ਵਾਹਿਗੁਰੂ ਦਾ ਸ਼ੁਕਰਾਨਾ ਤੇ ਪਰਿਵਾਰ ਨੂੰ ਵਧਾਈਆਂ



ਇਸ ਮੌਕੇ ਅਦਾਰਾ 'ਆਵਾਜ਼ਿ ਕੌਮ' ਯੂ. ਕੇ. ਦੇ ਮੁੱਖ ਸੰਪਾਦਕ ਭਾਈ ਰਘਵੀਰ ਸਿੰਘ ਵਾਲਸਾਲ ਨੇ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ ਅਤੇ ਕਿਹਾ ਕਿ ਇਹ ਬੱਚੀ ਦੀ ਮਿਹਨਤ ਅਤੇ ਪਰਿਵਾਰ ਵੱਲੋਂ ਦਿੱਤੇ ਗਏ ਸੰਸਕਾਰਾਂ ਦਾ ਨਤੀਜਾ ਹੈ ਕਿ ਅੱਜ ਉਹ ਜੱਜ ਦੇ ਅਹੁਦੇ 'ਤੇ ਨਿਯੁਕਤ ਹੋਈ ਹੈ, ਜਿਸ ਨਾਲ ਸਿੱਖ ਭਾਈਚਾਰੇ ਦਾ ਸਿਰ ਉੱਚਾ ਹੋਇਆ ਹੈ। ਭਾਈ ਰਘਵੀਰ ਸਿੰਘ ਨੇ ਕਿਹਾ ਕਿ ਸਿੱਖ ਕੌਮ ਨੂੰ ਇਸ ਬੱਚੀ ਤੋਂ ਬਹੁਤ ਆਸਾਂ ਹਨ ਅਤੇ ਵਾਹਿਗੁਰੂ ਪਾਸ ਅਰਦਾਸ ਕਰਦੇ ਹਾਂ ਕਿ ਉਹ ਹੋਰ ਵੀ ਉੱਚੀਆਂ ਬੁਲੰਦੀਆਂ ਨੂੰ ਛੂਹੇ ਅਤੇ ਕੌਮ ਦਾ ਨਾਂ ਰੌਸ਼ਨ ਕਰੇ।

# ਸ਼ਹੀਦੀ ਦਿਹਾੜੇ ਕੌਮ ਲਈ ਪ੍ਰੇਰਨਾ ਸ੍ਰੋਤ, ਸੰਗਤਾਂ ਜਸ਼ਨਾਂ ਤੋਂ ਗੁਰੇਜ ਕਰਨ - ਅਤਲਾ

**ਨਵੀਂ ਦਿੱਲੀ, 24 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):-** ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਨੇ ਕਿਹਾ ਕਿ ਸਹੀਦੀ ਦਿਹਾੜੇ ਕੌਮ ਲਈ ਪ੍ਰੇਰਨਾ ਸ੍ਰੋਤ ਹਨ ਜਿਸ ਸਬੰਧੀ ਸਾਨੂੰ ਸਰਿਆ ਨੂੰ ਸਾਡੇ ਗੁਰੂਆ, ਸਾਹਿਬਜਾਦਿਆਂ ਅਤੇ ਹੋਰ ਬੇਅੰਤ ਸਿੰਘ, ਸਿੰਘਣੀਆਂ, ਭੁਜੰਗੀਆਂ ਦੀ ਲਾਸਾਨੀ ਕੁਰਬਾਨੀ ਤੋਂ ਜਾਣੂ ਹੋਣਾ ਚਾਹੀਦਾ ਹੈ। ਭਾਈ ਅਤਲਾ ਨੇ ਅੱਗੇ ਕਿਹਾ ਕਿ ਕੌਮ ਦੀ ਖਾਤਿਰ ਆਪਣਾ ਸਾਰਾ ਪਰਿਵਾਰ ਕੁਰਬਾਨ ਕਰਨ ਵਾਲੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਤੇ ਛੋਟੇ ਸਾਹਿਬਜਾਦਿਆਂ ਦੇ ਸਹਾਦਤ ਦਿਹਾੜੇ ਜੋ ਕਿ 20 ਤੋਂ 27 ਦਸੰਬਰ ਤੱਕ ਚੱਲ ਰਹੇ ਹਨ ਇੰਨਾ ਦਿਨਾਂ ਵਿੱਚ ਸਿੱਖ ਸੰਗਤਾਂ ਫਤਿਹਗੜ ਸਮੇਤ ਵੱਖ ਵੱਖ ਅਸਥਾਨਾ ਤੇ ਨਤਮਸਤਕ ਹੋ ਕੇ ਜੋ ਅਥਾਹ ਸਰਧਾ ਭਾਵਨਾ ਦਾ ਪ੍ਰਗਟਾਵਾ ਕਰਦੀਆਂ ਹਨ। ਉਨਾ ਕਿਹਾ ਕਿ ਸਹੀਦੀ ਦਿਹਾੜਿਆਂ ਮੌਕੇ ਸਿੱਖ ਸੰਗਤਾਂ ਨਸਿਆ ਤੇ ਘਰਾਂ ਵਿੱਚ ਜਸਨਾਂ ਤੋਂ ਵੀ ਗੁਰੇਜ ਕਰਨ। ਉਨਾ ਅੱਗੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਸਮੁੱਚਾ ਹੱਸਦਾ ਵਸਦਾ ਪਰਿਵਾਰ ਕੌਮ ਤੇ ਦੱਬੇ ਕੁਚਲੇ ਲੋਕਾ ਦੇ ਹੱਕਾਂ ਲਈ ਲੜਦਾ ਸਹਾਦਤ ਦਾ ਜਾਮ ਪੀ ਗਿਆ ਤੇ ਅਸੀ ਘਰਾਂ ਵਿੱਚ ਜਸਨ ਨਾਚ ਕਰਕੇ ਗੁਰੂਆਂ ਦੇ ਦਰਸਾਹੇ ਮਾਰਗ ਤੋਂ ਭਟਕ ਰਹੇ ਹਾਂ। ਉਨਾ ਅੱਗੇ ਕਿਹਾ ਕਿ ਇੰਨਾ ਸ਼ਹੀਦੀ ਦਿਹਾੜਿਆਂ ਮੌਕੇ ਸਾਨੂੰ ਰੋਜਾਨਾ ਸਾਮ ਸਵੇਰੇ ਪਵਿੱਤਰ ਬਾਣੀ ਦਾ ਜਾਪ ਕਰਨਾ ਚਾਹੀਦਾ ਹੈ ਤੇ ਆਪਣੇ ਬੱਚਿਆਂ ਨੂੰ ਵੀ ਸਰਬੰਸਦਾਨੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਦੀ ਸਹਾਦਤ ਤੋਂ ਜਾਣੂ ਕਰਵਾਉਣਾ ਚਾਹੀਦਾ ਹੈ।



# ਬ੍ਰਹਮ ਗਿਆਨੀ ਸਦ ਜੀਵੈ ਨਹੀਂ ਮਰਤਾ



ਪੂਰਨ ਬ੍ਰਹਮਗਿਆਨੀ ਹਨ ਦਮਦਮੀ ਟਕਸਾਲ ਦੇ ਪੰਦਰਵੇਂ ਮੁੱਖੀ ਸ੍ਰੀਮਾਨ ਸੱਚਖੰਡਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਬਾਬਾ ਜੀ ਦੇ ਨਾਮ ਨਾਲ ਸੀ ਤਾਂ ਨਹੀਂ ਲਿਖਿਆ ਕਿਉਂਕਿ ਗੁਰਬਾਣੀ ਦਾ ਫੁਰਮਾਨ ਏ ਬ੍ਰਹਮਗਿਆਨੀ ਤਾਂ ਸਦਾ ਜਿਉਂਦੇ ਨੇ ਬਾਬਾ ਜੀ ਐਸੀ ਹਸਤੀ ਹੋਏ ਨੇ ਜਿੰਨਾਂ ਨਾਲ ਬਿਤਾਇਆ ਸਮਾਂ ਯਾਦ ਕਰਕੇ ਉਹਨਾਂ ਦਾ ਸ਼ਰੀਰਿਕ ਤੌਰ ਤੇ ਵਿਛੋੜੇ ਦਾ ਸਮਾਂ ਯਾਦ ਕਰਕੇ ਦਮਦਮੀ ਟਕਸਾਲ ਦੇ ਸਿੰਘਾਂ ਤੇ ਸੰਗਤਾਂ ਦੇ ਨੇਤਰ ਵੈਰਾਗ ਨਾਲ ਨਮ ਹੋ ਜਾਂਦੇ ਨੇ ਉਹਨਾਂ ਵੱਲੋਂ ਬਿਖੜੇ ਸਮੇਂ ਸਿੰਘਾਂ ਨੂੰ ਆਸਰਾ ਦੇਣ ਉਹਨਾਂ ਦੀ ਪੈਰਵਾਈ ਤੇ ਸ਼ਹੀਦੀ ਪ੍ਰਾਪਤ ਕਰ ਗਏ ਜੁਝਾਰੂਆਂ ਦੀ ਯਾਦ ਚ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਦੀ ਸੇਵਾ ਸ਼ਹੀਦ ਸਿੰਘਾਂ ਦੀਆਂ ਬਰਸੀਆਂ ਮਨਾਉਂਣੀਆਂ ਸ਼ਹੀਦਾਂ ਦੇ ਪਰਿਵਾਰਾਂ ਦੀ ਹਰ ਸੰਭਵ ਮਦਦ ਕਰਨ ਵਰਗੇ ਮਹਾਨ ਕਾਰਜ ਪੂਜਨੀਕ ਬਾਬਾ ਜੀ ਦੇ ਹਿੱਸੇ ਆਏ ਕੌਮੀ ਸ਼ਹੀਦ ਭਾਈ ਹਰਜਿੰਦਰ ਸਿੰਘ ਜੀ ਜਿੰਦਾ ਭਾਈ ਸੁੱਖਦੇਵ ਸਿੰਘ ਜੀ ਸੁੱਖਾ ਜੇਲ ਵਿੱਚ ਰਹਿੰਦਿਆਂ ਤੇ ਫਾਂਸੀ ਨਾਲ ਸ਼ਹਾਦਤ ਤੱਕ ਪੂਜਨੀਕ ਬਾਬਾ ਜੀ ਕੋਲੋਂ ਪ੍ਰੇਮ ਤੇ ਰਹਿਨੁਮਾਈ ਹਾਸਿਲ ਕਰਦੇ ਰਹੇ॥ ਜਿੱਥੋਂ ਤੱਕ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਤੇ ਸੱਚਖੰਡਵਾਸੀ ਬਾਬਾ ਠਾਕੁਰ ਸਿੰਘ ਜੀ ਦੇ ਆਪਸੀ ਸਨੇਹ ਦੀ ਗੱਲ ਕਰੀਏ ਉਹ ਕਹਿਣ ਕਥਨ ਤੋਂ ਪਰਾਂਹ ਦੀ ਗੱਲ ਏ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਹੁਰਾਂ ਬਾਬਾ ਜੀ ਨੂੰ ਪ੍ਰਤੱਖ ਰੱਬ ਮੰਨ ਉਹਨਾਂ ਦੀ ਸੇਵਾ ਕੀਤੀ ਉਹਨਾਂ ਦੀ ਆਗਿਆ ਚ ਰਹੇ ਤੇ ਬਾਬਾ ਠਾਕੁਰ ਸਿੰਘ ਜੀ ਹੁਰਾਂ ਨੇ ਵੀ ਆਪਣੇ ਪਿਆਰੇ ਸੇਵਕ ਕੋਲੋਂ ਕੁੱਛ ਛੁਪਾ ਕੇ ਨਹੀਂ ਰੱਖਿਆ ਉਹਨਾਂ ਦੇ ਸੀਸ ਤੇ ਬੇਅੰਤ ਬਖ਼ਿਸ਼ਸ਼ਾਂ ਦੀ ਰਹਿਮਤ ਕੀਤੀ ਅੱਜ ਉਹਨਾਂ ਬਖਸ਼ਿਸ਼ਾਂ ਦਾ ਸਦਕਾ ਹੀ ਏ ਕਿ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਟਕਸਾਲ ਦੇ ਸੋਹਲਵੇਂ ਮੁੱਖੀ ਵਜੋਂ ਤਨ ਮਨ ਨਾਲ ਸਿੱਖ ਸੰਗਤਾਂ ਦੀ ਸੇਵਾ ਵਿੱਚ ਹਾਜ਼ਰ ਰਹਿੰਦੇ ਹਨ ਕੌਮ ਦੀ ਹਰਸੰਭਵ ਚੜਦੀਕਲਾ ਲੋਚਦੇ ਹਨ ਬ੍ਰਹਮਗਿਆਨੀ ਮਹਾਂਪੁਰਖਾਂ ਦੀ ਸੇਵਾ ਤੇ ਆਗਿਆ ਸੇਵਕਾਂ ਨੂੰ ਵੱਡੇ ਵੱਡੇ ਮਰਤਬੇ ਸੁੱਤੇਸਿੱਧ ਹੀ ਬਖ਼ਸ਼ ਦੇਂਦੀ ਏ।

**-ਹਰਪਾਲ ਸਿੰਘ ਅੰਮ੍ਰਿਤਸਰ**

# ਨਸ਼ੇ ਦੀ ਓਵਰਡੋਜ਼ ਦੇ ਕੇ ਨੌਜਵਾਨ ਨੂੰ ਮਾਰਨ ਦੇ ਕਥਿਤ ਦੋਸ਼ਾਂ ਤਹਿਤ ਤਿੰਨ ਖਿਲਾਫ ਮਾਮਲਾ ਦਰਜ਼, ਦੋ ਕਾਬੂ



ਤਲਵੰਡੀ ਸਾਬੋ, 24 ਦਸੰਬਰ (ਗੁਰਜੰਟ ਸਿੰਘ ਨਥੇਹਾ)- ਉੱਪ ਮੰਡਲ ਤਲਵੰਡੀ ਸਾਬੋ ਦੇ ਪਿੰਡ ਲੇਲੇਵਾਲਾ ਵਿਖੇ ਮਾਤਾ ਪਿਤਾ ਦੇ ਇਕਲੌਤੇ ਪੁੱਤਰ ਅਤੇ ਨੌ ਮਹੀਨੇ ਦੀ ਬੱਚੇ ਦੇ ਪਿਤਾ, ਹਿੰਮਤ ਸਿੰਘ ਨਾਂ ਦੇ ਨੌਜਵਾਨ ਨੂੰ ਕਥਿਤ ਤੌਰ ਤੇ ਨਸ਼ਾ ਤਸਕਰਾਂ ਵੱਲੋਂ ਨਸ਼ੇ ਦੀ ਓਵਰਡੋਜ਼ ਦਾ ਟੀਕਾ ਲਗਾ ਕੇ ਮਾਰ ਦਿੱਤੇ ਜਾਣ ਦੀ ਮੰਦਭਾਗੀ ਖਬਰ ਸਾਹਮਣੇ ਆਈ ਹੈ। ਨੌਜਵਾਨ ਦੀ ਮੌਤ ਤੇ ਪਰਿਵਾਰ ਵੱਲੋਂ ਲਗਾਈ ਇਨਸਾਫ ਦੀ ਗੁਹਾਰ ਤੋਂ ਬਾਅਦ ਤਲਵੰਡੀ ਸਾਬੋ ਪੁਲਸ ਨੇ ਤਿੰਨ ਲੋਕਾਂ ਖਿਲਾਫ ਮਾਮਲਾ ਦਰਜ਼ ਕਰਕੇ ਦੋ ਨੂੰ ਕਾਬੂ ਕਰ ਲਿਆ ਹੈ। ਮ੍ਰਿਤਕ ਨੌਜਵਾਨ ਦੀ ਮਾਤਾ ਰਾਣੋ ਕੌਰ ਨੇ ਪੁਲਸ ਕੋਲ ਦਰਜ ਕਰਵਾਏ ਬਿਆਨਾਂ ਚ ਦੱਸਿਆ ਕਿ ਉਸ ਦੇ ਲੜਕੇ ਹਿੰਮਤ ਸਿੰਘ ਨੂੰ ਸ਼ਾਮ ਸਮੇਂ ਪਿੰਡ ਦੇ ਤਿੰਨ ਲੜਕੇ ਕਿਸੇ ਝਗੜੇ ਦਾ ਨਿਪਟਾਰਾ ਕਰਵਾਉਣ ਦੇ ਬਹਾਨੇ ਲੈ ਗਏ ਤੇ ਕੁਝ ਸਮੇਂ ਬਾਅਦ ਉਕਤ ਲੜਕੇ ਨਸ਼ੇ ਦੀ ਹਾਲਤ ਚ ਦੋਬਾਰਾ ਸਾਡੇ ਘਰ ਆਕੇ ਕਹਿੰਦੇ ਕਿ ਤੁਹਾਡੇ ਲੜਕੇ ਦੀ ਹਾਲਤ ਠੀਕ ਨਹੀ।ਜਾ ਕੇ ਦੇਖਿਆ ਤਾਂ ਹਿੰਮਤ ਦੀ ਹਾਲਤ ਅਤਿ ਖਰਾਬ ਸੀ, ਉਸਦੇ ਮੂੰਹ ਚੋਂ ਝੱਗ ਨਿਕਲ ਰਹੀ ਸੀ ਅਤੇ ਉਸਦੀ ਬਾਂਹ ਵਿੱਚ ਇੱਕ ਸਰਿੰਜ ਲੱਗੀ ਹੋਈ ਸੀ।ਅਸੀਂ ਤੁਰੰਤ ਲੜਕੇ ਨੂੰ ਇਲਾਜ਼ ਲਈ ਸਿਵਲ ਹਸਪਤਾਲ ਤਲਵੰਡੀ ਸਾਬੋ ਲਿਆਂਦਾ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਨੌਜਵਾਨ ਦੀ ਮਾਤਾ ਨੇ ਕਥਿਤ ਦੋਸ਼ ਲਾਏ ਕਿ ਉਸਦੇ ਮੁੰਡੇ ਨੂੰ ਨਾਲ ਲੈ ਜਾਣ ਵਾਲੇ ਤਿੰਨੇ ਵਿਅਕਤੀਆਂ ਨੇ ਉਸਨੂੰ ਨਸ਼ੇ ਦਾ ਟੀਕਾ ਲਗਾ ਕੇ ਮਾਰ ਦਿੱਤਾ ਹੈ।ਮ੍ਰਿਤਕ ਦੀ ਮਾਤਾ ਨੇ ਇਹ ਵੀ ਦੋਸ਼ ਲਾਏ ਕਿ ਉਕਤ ਤਿੰਨੇ ਨੌਜਵਾਨ ਕਥਿਤ ਤੌਰ 'ਤੇ ਨਸ਼ਾ ਵੇਚਣ ਦਾ ਕੰਮ ਕਰਦੇ ਹਨ। ਉੱਧਰ ਤਲਵੰਡੀ ਸਾਬੋ ਪੁਲਸ ਨੇ ਮ੍ਰਿਤਕ ਦੀ ਮਾਤਾ ਰਾਣੋ ਕੌਰ ਦੇ ਬਿਆਨਾਂ ਤੇ ਕਾਕੜ ਸਿੰਘ ਉਰਫ ਸੁਖਵਿੰਦਰ ਸਿੰਘ ਪੁੱਤਰ ਮੱਲ ਸਿੰਘ, ਰਾਜਾ ਸਿੰਘ ਪੁੱਤਰ ਮੁਖਤਿਆਰ ਸਿੰਘ, ਗੁਰਪ੍ਰੀਤ ਸਿੰਘ ਪੁੱਤਰ ਪਾਲਾ ਸਿੰਘ ਵਾਸੀਆਨ ਲੇਲੇਵਾਲਾ ਖਿਲਾਫ ਵੱਖ ਵੱਖ ਧਾਰਾਵਾਂ ਤਹਿਤ ਮਾਮਲਾ ਦਰਜ਼ ਕਰਕੇ ਅਗਲੇਰੀ ਜਾਂਚ ਆਰੰਭ ਦਿੱਤੀ ਹੈ। ਤਲਵੰਡੀ ਸਾਬੋ ਦੇ ਡੀ.ਐੱਸ.ਪੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਤਿੰਨੇ ਕਥਿਤ ਦੋਸ਼ੀਆਂ ਚੋਂ ਰਾਜਾ ਸਿੰਘ ਅਤੇ ਗੁਰਪ੍ਰੀਤ ਸਿੰਘ ਨੂੰ ਕਾਬੂ ਕਰ ਲਿਆ ਹੈ ਜਦੋਂਕਿ ਤੀਜੇ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ।




**ਮਾਤਾ ਗੁਜਰ ਕੌਰ ਜੀ ਅਤੇ ਸਾਹਿਬਜ਼ਾਦਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ 25 ਦਸੰਬਰ 2025 ਨੂੰ ਕਥਾ ਅਤੇ ਅਰਦਾਸ ਦੀ ਹਾਜ਼ਰੀ ਗਿਆਨੀ ਸੁਖਦੇਵ ਸਿੰਘ ਫਰਾਂਸ ਸੱਚਖੰਡ ਸ੍ਰੀ ਹਰਿਮੰਦਰ ਜੀ ਸ੍ਰੀ ਦਰਬਾਰ ਸਾਹਿਬ ਵਾਲੇ ਭਾਈ ਹਰਟੇਕ ਸਿੰਘ ਭਵਨੀਤ ਸਿੰਘ ਲੁਧਿਆਣਾ ਦੇ ਗ੍ਰਹਿ ਵਿਖੇ ਹਾਜ਼ਰੀ ਭਰਨਗੇ।**

**(ਫੋਟੋ ਵੇਰਵਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

### ਗੁਰਦੁਆਰਾ ਠਾਠ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ

# ਮੈਡੀਕਲ ਕੈਂਪ ਅਤੇ ਲਬੋਰਟਰੀ ਟੈਸਟ ਮੁਫਤ ਕੀਤੇ ਗਏ



**ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :—** ਗੁਰਦੁਆਰਾ ਠਾਠ ਗੋਬਿੰਦ ਨਗਰ ਖਾਈ ਫੇਮੇ ਕੀ ਵਿਖੇ ਮੈਡੀਕਲ ਕੈਂਪ ਅਤੇ ਲਬੋਰਟਰੀ ਟੈਸਟ ਰਾਧੇ ਰਾਧੇ ਵੈਲਫੇਅਰ ਸੁਸਾਇਟੀ ਵੱਲੋਂ ਲਾਇਆ ਗਿਆ, ਜਿਸ ਵਿਚ ਹਰ ਬਿਮਾਰੀ ਦਾ ਇਲਾਜ ਅਤੇ ਹਰ ਤਰ੍ਹਾਂ ਦੇ ਟੈਸਟ ਮੁਫਤ ਕੀਤੇ ਗਏ। ਇਸ ਮੌਕੇ ਤੇ ਚੰਦਰ ਮੋਹਨ ਹਾਂਡਾ, ਮੁਨੀਸ਼ ਸ਼ਰਮਾ ਐਮ.ਸੀ, ਅਮਿਤ ਸ਼ਰਮਾ, ਮੋਹਿੰਦਰ ਸਿੰਘ, ਸੰਤ ਬਾਬਾ ਅਜੀਤਪਾਲ ਸਿੰਘ ਪਾਲੀ, ਬਾਬਾ ਬੂਟਾ ਸਿੰਘ, ਭਾਈ ਜ਼ਸਵੰਤ ਸਿੰਘ, ਭਾਈ ਰਛਪਾਲ ਸਿੰਘ, ਭਾਈ ਜੰਗੀਰ ਸਿੰਘ, ਭਾਈ ਮੁਨਸ਼ਾ ਸਿੰਘ, ਭਾਈ ਗੁਰਮੁੱਖ ਸਿੰਘ ਹਾਜ਼ਰ ਸਨ। ਇਸ ਮੌਕੇ ਤੇ ਗੁਰਦੁਆਰਾ ਠਾਠ ਗੋਬਿੰਦ ਨਗਰ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਇਕ ਸੱਚੀ—ਸੁੱਚੀ ਸੇਵਾ ਹੈ, ਸਾਨੂੰ ਇਨ੍ਹਾਂ ਗਰੀਬ ਲੋੜਵੰਦ ਪਰਿਵਾਰਾਂ ਦੀ ਵੱਧ ਤੋਂ ਵੱਧ ਮੱਦਦ ਕਰਨੀ ਚਾਹੀਦੀ ਹੈ ਅਤੇ ਸਾਨੂੰ ਵੱਧ ਤੋਂ ਵੱਧ ਪਿੰਡਾਂ ਵਿਚ ਮੈਡੀਕਲ ਕੈਂਪ ਅਤੇ ਜਾਂਚ ਕੈਂਪ ਲਾਉਣੇ ਚਾਹੀਦੇ ਹਨ ਤਾਂ ਜ਼ੋ ਗਰੀਬ ਅਤੇ ਲੋੜਵੰਦ ਪਰਿਵਾਰ ਦਾ ਮੁਫਤ ਇਲਾਜ ਹੋ ਸਕੇ। ਇਸ ਮੌਕੇ ਤੇ ਉਨ੍ਹਾਂ ਰਾਧੇ—ਰਾਧੇ ਵੈਲਫੇਅਰ ਸੁਸਾਇਟੀ ਦਾ ਧੰਨਵਾਦ ਕੀਤਾ, ਖਾਸ ਕਰਕੇ ਚੰਦਰ ਮੋਹਨ ਹਾਂਡਾ ਦਾ ਜਿਨ੍ਹਾਂ ਨੇ ਸਾਡੇ ਨੀਕੇ ਜਿਹੇ ਸੁਨੇਹੇ ਤੇ ਮੁਫਤ ਕੈਂਪ ਲਾਇਆ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਸ਼ੋਕ ਸੰਦੇਸ਼

**ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :—** ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਸੂਬਾ ਜਨਰਲ ਸਕੱਤਰ ਮੁਹਿੰਦਰ ਸਿੰਘ ਧਾਲੀਵਾਲ ਦੇ ਛੋਟੇ ਭੈਣ ਸ਼੍ਰੀਮਤੀ ਜਸਵੀਰ ਕੌਰ ਪਤਨੀ ਸਵਰਗੀ ਸ਼੍ਰੀ ਜੋਗਿੰਦਰ ਸਿੰਘ ਪਿੰਡ ਕੱਸੋਆਣਾ ਦੇ ਅਕਾਲ ਚਲਾਣੇ ਤੇ ਜਥੇਬੰਦੀ ਦੇ ਆਗੂਆਂ ਵੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ ਅਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਦੀ ਅਰਦਾਸ ਬੇਨਤੀ ਕੀਤੀ ਗਈ। ਸ੍ਰੀਮਤੀ ਜਸਵੀਰ ਕੌਰ ਦੀ ਅੰਤਮ ਅਰਦਾਸ ਦਾ ਭੋਗ ਗੁਰੂਦਵਾਰਾ ਅਕਾਲਗੜ ਸਾਹਿਬ ਪਿੰਡ ਕੱਸੋਆਣਾ ਵਿਖੇ ਮਿਤੀ 30 ਦਸੰਬਰ 2025 ਦਿਨ ਮੰਗਲਵਾਰ ਨੂੰ ਦੁਪਹਿਰੇ 12 ਤੋਂ ਇਕ ਵਜੇ ਦਰਮਿਆਨ ਪਵੇਗਾ। ਪਰਿਵਾਰ ਨਾਲ ਦੁੱਖ ਦਾ ਇਜਹਾਰ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਅਰਦਾਸ ਕੀਤੀ ਕਿ ਪਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਬਲਵਿੰਦਰ ਸਿੰਘ ਸੰਧੂ ਸੂਬਾ ਪ੍ਰਧਾਨ, ਜਗਦੀਪ ਸਿੰਘ ਢਿੱਲੋਂ ਸਰਪਰਸਤ, ਰਣਧੀਰ ਸਿੰਘ ਚੱਕਲ ਚੇਅਰਮੈਨ, ਭਜਨ ਸਿੰਘ ਸੰਗਰੂਰ, ਰਸ਼ਪਾਲ ਸਿੰਘ ਬਠਿੰਡਾ, ਮਨੋਜ ਕੁਮਾਰ, ਮਲਕੀਤ ਸਿੰਘ ਸ਼੍ਰੀ ਅੰਨਦਪੁਰ ਸਹਿਬ, ਪਵਨ ਕੁਮਾਰ ਪੁਰੀ ਪਟਿਆਲਾ, ਗੁਰਦੇਵ ਸਿੰਘ ਸਿੱਧੂ ਜਿਲ੍ਹਾ ਪ੍ਰਧਾਨ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ, ਸੁਭਾਸ਼ ਸ਼ਰਮਾ ਕੋਆਰਡੀਨੇਟਰ, ਸੁਰਿੰਦਰ ਸਿੰਘ ਪ੍ਰਧਾਨ ਜਨਤਕ ਜਥੇਬੰਦੀਆਂ ਦਾ ਸਾਂਝਾ ਮੋਰਚਾ ਫ਼ਿਰੋਜ਼ਪੁਰ, ਰਾਜੀਵ ਹਾਂਡਾ ਜਨਰਲ ਸਕੱਤਰ ਆਲ ਇੰਪਲਾਈਜ ਕੋਆਰਡੀਨੇਸ਼ਨ ਕਮੇਟੀ, ਗੁਰਜੰਗ ਸਿੰਘ ਜੈਤੋ, ਰਵੀ ਕੁਮਾਰ ਬਰਗਾੜੀ ਸਰਕਲ ਪ੍ਰਧਾਨ ਆਦਿ ਨੇ ਅਫਸੋਸ ਜ਼ਾਹਰ ਕੀਤਾ ਅਤੇ ਪਰਵਾਰ ਨਾਲ਼ ਹਮਦਰਦੀ ਪ੍ਰਗਟ ਕੀਤੀ।

**—ਮਨੋਹਰ ਲਾਲ ਪੱਤਰਕਾਰ, ਫ਼ਿਰੋਜ਼ਪੁਰ**

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸ਼ਹੀਦੀ ਸਮਾਗਮ ਹਰ ਰੋਜ਼ ਰਾਤ ਸੁਖਮਣੀ ਸਾਹਿਬ ਜੀ ਦੇ ਭੋਗ ਅਤੇ ਸੰਗਤਾਂ ਨੂੰ ਨਾਮ ਜਪਾ ਰਹੇ ਹਨ—ਸੰਤ ਬਾਬਾ ਸੁੱਚਾ ਸਿੰਘ



**ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :—**ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਹਰ ਪੋਹ ਤੋਂ ਚਾਰ ਸਾਹਿਬਜ਼ਾਦੇ, ਮਾਤਾ ਗੁਜਰ ਕੌਰ ਜੀ ਅਤੇ ਹੋਰ ਸ਼ਹੀਦਾਂ ਦੀ ਯਾਦ ਵਿਚ ਰਾਤ ਦੇ ਦੀਵਾਨਾਂ ਵਿਚ ਹਰ ਰੋਜ਼ ਸੁਖਮਣੀ ਸਾਹਿਬ ਜੀ ਦੇ ਭੋਗ ਪਾਏ ਜਾਂਦੇ ਹਨ। ਉਪਰੰਤ ਕੀਰਤਨ ਦਰਬਾਰ ਸਜਾਏ ਜਾਂਦੇ ਹਨ, ਇਸ ਮੌਕੇ ਤੇ ਰਾਗੀ ਜਥਿਆਂ ਵੱਲੋਂ ਆਪਣੀ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਪੋਹ ਦੇ ਮਹੀਨੇ ਦੇ ਅਨੇਕਾਂ ਸ਼ਹੀਦਾਂ ਦੀ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ, ਭਾਈ ਬੱਬੂ ਸਿੰਘ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਭ ਤੋਂ ਪਹਿਲਾਂ ਸੰਗਤਾਂ ਨੂੰ ਵਾਹਿਗੁਰੂ ਜੀ ਦਾ ਨਾਮ ਜਪਾਇਆ ਅਤੇ ਕਥਾ ਕਰਦਿਆਂ ਆਖਿਆ ਕਿ ਪੋਹ ਦਾ ਮਹੀਨਾ ਸ਼ਹੀਦੀਆਂ ਦਾ ਮਹੀਨਾ ਹੈ, ਇਸ ਮਹੀਨੇ ਗੁਰੂ ਜੀ ਦਾ ਪਰਿਵਾਰ ਵਿਛੜ ਗਿਆ, ਸਿੱਖ ਵਿਛੜ ਗਏ ਅਤੇ ਵੱਡੇ ਦੋ ਸਾਹਿਬਜ਼ਾਦੇ ਬਾਬਾ ਅਜਿਤ ਸਿੰਘ, ਬਾਬਾ ਜੁਝਾਰ ਸਿੰਘ ਚਮਕੌਰ ਦੇ ਯੁੱਧ ਵਿਚ 10 ਲੱਖ ਮੂਗਲ ਫੌਜਾਂ ਨਾਲ ਲੜਦੇ ਹੋਏ ਸ਼ਹੀਦ ਹੋ ਗਏ ਅਤੇ 30 ਦੇ ਕਰੀਬ ਸਿੱਖ ਸ਼ਹੀਦ ਹੋ ਗਏ ਤਾਂ ਬਾਕੀ ਬਚੇ ਹੋਏ ਸਿੰਘਾਂ ਵਿਚ ਭਾਈ ਦਇਆ ਸਿੰਘ, ਭਾਈ ਧਰਮ ਸਿੰਘ, ਭਾਈ ਮਾਨ ਸਿੰਘ, ਭਾਈ ਸੰਤ ਸਿੰਘ, ਭਾਈ ਸੰਗਤ ਸਿੰਘ ਸਨ, ਇਨ੍ਹਾਂ ਪੰਜਾਂ ਸਿੰਘਾਂ ਨੇ ਗੁਰੂ ਜੀ ਨੂੰ ਗੜ੍ਹੀ ਛੱਡਣ ਦਾ ਹੁਕਮ ਸੁਣਾਇਆ, ਗੁਰੂ ਜੀ ਨੇ ਪੰਜਾ ਪਿਆਰਿਆਂ ਦਾ ਹੁਕਮ ਮੰਨ ਕੇ ਗੜ੍ਹੀ ਛੱਡਣ ਨੂੰ ਤਿਆਰ ਹੋ ਗਏ ਅਤੇ ਨਾਲ ਹੀ ਉਨ੍ਹਾਂ ਭਾਈ ਸੰਗਤ ਸਿੰਘ ਜੀ ਜ਼ੋ ਗੁਰੂ ਸਾਹਿਬ ਦੇ ਚੇਹਰੇ ਨਾਲ ਮੇਲ ਖਾਂਦਾ ਸੀ, ਆਪਣੀ ਜਗ੍ਹਾ ਤੇ ਬਿਠਾ ਜ਼ੋ ਐਨ ਹੂ—ਬ—ਹੂ ਗੁਰੂ ਕੇ ਸਰੂਪ ਸਾਰਾ ਪੁਸ਼ਾਕਾਂ ਜਿਗ੍ਹਾ ਸਮੇਤ ਪਹਿਨਾ ਦਿੱਤਾ ਅਤੇ ਅਰਦਾਸਾਂ ਸੋਧ ਕੇ ਇਹ ਬਚਨ ਕੀਤਾ, ਗੁਰੂ ਖਾਲਸਾ, ਗੁਰੂ ਖਾਲਸਾ, ਗੁਰੂ ਭਾਈ ਸਿੱਖੋ, ਅੱਜ ਤੋਂ ਮੈਂ ਖਾਲਸੇ ਨੂੰ ਗੁਰਿਆਈ ਦੀ ਪਦਵੀਂ ਦਿੱਤੀ, ਇਸੇ ਤਰ੍ਹਾਂ ਗੁਰੂ ਸਾਹਿਬ ਨੇ ਚਮਕੌਰ ਦੀ ਗੜ੍ਹੀ ਛੱਡ ਦਿੱਤੀ ਅਤੇ ਪਿਛੇ ਸਾਰੇ ਸਿੰਘ ਸ਼ਹੀਦ ਹੋ ਗਏ, ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜ਼ੋ ਗੁਰੂ ਸਾਹਿਬ ਜੀ ਨੂੰ ਅਰਦਾਸ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ, ਮੂਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾ, ਗਿੱਧਾ, ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੂਗਲ ਫੌਜਾਂ ਨੇ ਦੇਖ ਲਿਆ। ਉਨ੍ਹਾਂ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁਛਿਆ, ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੂਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ਦੂਸਰੇ ਪਾਸੇ ਮਾਤਾ ਗੁਜਰ ਕੌਰ ਅਤੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਸਾਹਿਬਜਾਦਾ ਬਾਬਾ ਫਤਿਹ ਸਿੰਘ ਜੀ ਸਹੇੜੀ ਵਿਖੇ ਗੰਗੂ ਬ੍ਰਾਹਮਣ ਦੇ ਘਰ ਰਾਤ ਕੱਟੀ, ਮਾਤਾ ਜੀ ਕੋਲ ਮੋਹਰਾਂ ਦੀ ਥੈਲੀ ਵੇਖ ਕੇ ਗੰਗੂ ਦਾ ਮਨ ਬੇਈਮਾਨ ਹੋ ਗਿਆ ਅਤੇ ਉਸ ਥੈਲੀ ਨੂੰ ਉਸ ਨੇ ਰਾਤ ਨੂੰ ਚੋਰੀ ਕੀਤਾ, ਇਸ ਪਾਪ ਵਿਚ ਗੰਗੂ ਦੀ ਪਤਨੀ ਨੇ ਵੀ ਗੰਗੂ ਦਾ ਸਾਥ ਦਿੱਤਾ, ਮਾਤਾ ਜੀ ਵੱਲੋਂ ਮੋਹਰਾਂ ਦੀ ਥੈਲੀ ਬਾਰੇ ਪੁਛਣ ਤੇ ਗੰਗੂ ਬ੍ਰਾਹਮਣ ਨੇ ਮਾਤਾ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਮੋਰਿੰਡੇ ਦੇ ਕੋਤਵਾਲ ਕੋਲ ਗਿਆ ਅਤੇ ਮਾਤਾ ਗੁਜਰ ਕੌਰ ਅਤੇ ਛੋਟੇ ਸਾਹਿਬਜ਼ਾਦਿਆਂ ਦੇ ਉਸ ਦੇ ਘਰ ਛੁਪੇ ਹੋਣ ਦੀ ਮੁਖਬਰੀ ਕੀਤੀ ਅਤੇ ਮੋਰਿੰਡੇ ਦੇ ਕੋਤਵਾਲ ਨੇ ਮਾਤਾ ਗੁਜਰ ਕੌਰ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਗ੍ਰਿਫਤਾਰ ਕਰਕੇ ਸਰਹਿੰਦ ਦੇ ਸੂਬੇਦਾਰ ਵਜੀਰ ਖਾਨ ਦੇ ਸਪੁਰਦ ਕਰ ਦਿੱਤਾ ਅਤੇ ਠੰਡੇ ਬੁਰਜ ਤਿ ਕੈਦ ਕਰਨ ਦਾ ਹੁਕਮ ਦਿੱਤਾ। ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋਂ ਵੱਧ ਪਾਠ ਕਰਨ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ।

# ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਫਿਰੋਜ਼ਪੁਰ ਵਿੱਚ ਲਗਾਇਆ ਮੁਫ਼ਤ ਫਾਈਬਰੋ ਸਕੈਨ ਜਾਂਚ ਕੈਂਪ



**ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :—** ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਅਤੇ ਭਾਰਤ ਵਿਕਾਸ ਪ੍ਰੀਸ਼ਦ ਜ਼ੀਰਾ ਦੇ ਸਹਿਯੋਗ ਨਾਲ ਭਾਈਚਾਰੇ ਲਈ ਇੱਕ ਮੁਫ਼ਤ ਫਾਈਬਰੋ ਸਕੈਨ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਸੋਮਵਾਰ, 22 ਦਸੰਬਰ 2025 ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਆਯੋਜਿਤ ਹੋਇਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਆਪਣੀ ਜਿਗਰ ਦੀ ਜਾਂਚ ਕਰਵਾਈ। ਇਸ ਕੈਂਪ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਰਹੀ ਕਿ ਆਮ ਤੌਰ 'ਤੇ ਲਗਭਗ 4000 ਰੁਪਏ ਦੀ ਲਾਗਤ ਵਾਲਾ ਫਾਈਬਰੋ ਸਕੈਨ ਟੈਸਟ ਆਮ ਲੋਕਾਂ ਲਈ ਪੂਰੀ ਤਰ੍ਹਾਂ ਮੁਫ਼ਤ ਉਪਲਬਧ ਕਰਵਾਇਆ ਗਿਆ। ਆਧੁਨਿਕ ਤਕਨੀਕ ਨਾਲ ਕੀਤਾ ਜਾਣ ਵਾਲਾ ਇਹ ਟੈਸਟ ਜਿਗਰ ਨਾਲ ਸੰਬੰਧਿਤ ਬਿਮਾਰੀਆਂ ਦੀ ਸ਼ੁਰੂਆਤੀ ਪਛਾਣ ਵਿੱਚ ਕਾਫ਼ੀ ਮਦਦਗਾਰ ਸਾਬਤ ਹੁੰਦਾ ਹੈ।

ਇਸ ਮੌਕੇ ਅਮਨਦੀਪ ਹਸਪਤਾਲ, ਫਿਰੋਜ਼ਪੁਰ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਅਮਨਦੀਪ ਹਸਪਤਾਲ ਹਰ ਵਰਗ ਤੱਕ ਗੁਣਵੱਤਾ ਭਰੀ ਸਿਹਤ ਸੇਵਾ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਦਾ ਮਕਸਦ ਲੋਕਾਂ ਵਿੱਚ ਜਿਗਰ ਦੀ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਨਾ ਹੈ। ਹਸਪਤਾਲ ਸਮਾਜ ਸੇਵਾ ਅਤੇ ਭਾਈਚਾਰੇ ਦੀ ਭਲਾਈ ਲਈ ਲਗਾਤਾਰ ਯਤਨ ਕਰ ਰਿਹਾ ਹੈ। ਜ਼ਿਕਰਯੋਗ ਹੈ ਕਿ ਅਮਨਦੀਪ ਗਰੁੱਪ ਅੱਜ 750 ਤੋਂ ਵੱਧ ਬਿਸਤਰਿਆਂ ਵਾਲੇ ਇੱਕ ਵਿਸ਼ਾਲ ਸਿਹਤ ਨੈਟਵਰਕ ਵਜੋਂ ਵਿਕਸਤ ਹੋ ਚੁੱਕਾ ਹੈ, ਜਿੱਥੇ 170 ਤੋਂ ਵੱਧ ਮਾਹਰ ਡਾਕਟਰ ਆਪਣੀਆਂ ਸੇਵਾਵਾਂ ਦੇ ਰਹੇ ਹਨ। ਗਰੁੱਪ ਦੇ ਹਸਪਤਾਲ ਅੰਮ੍ਰਿਤਸਰ ਵਿੱਚ ਦੋ ਸਥਾਨਾਂ ਸਮੇਤ ਪਠਾਨਕੋਟ, ਫਿਰੋਜ਼ਪੁਰ, ਸ਼੍ਰੀਨਗਰ ਅਤੇ ਤਰਨਤਾਰਨ ਵਿਚ ਸਫ਼ਲਤਾਪੂਰਵਕ ਚੱਲ ਰਹੇ ਹਨ। ਪਿਛਲੇ ਸਾਲਾਂ ਦੌਰਾਨ ਅਮਨਦੀਪ ਗਰੁੱਪ ਨੇ 25 ਲੱਖ ਤੋਂ ਵੱਧ ਮਰੀਜ਼ਾਂ ਦੇ ਜੀਵਨ ਨੂੰ ਬਿਹਤਰ ਬਣਾਇਆ ਹੈ ਅਤੇ ਸਿਹਤ ਸੰਭਾਲ ਖੇਤਰ ਵਿੱਚ ਨਵੇਂ ਮਾਪਦੰਡ ਸਥਾਪਤ ਕੀਤੇ ਹਨ।